


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਬੁੱਧਵਾਰ, 06 ਨਵੰਬਰ 2024
Email:- lokbani08@gmail.com

R. N. I. Punpun/29016/2008 ✶ ਸਾਲ 16 , ✶ ਅੰਕ : 146, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਅਮਰੀਕਾ ਦੇ ਵਸਨੀਕਾਂ ਨੂੰ ਕਮਲਾ ਦੇ ਰਾਸ਼ਟਰਪਤੀ ਚੋਣ ਜਿੱਤਣ ਦੀ ਉਮੀਦ



**ਤਿਰੂਵਰੂਰ (ਤਾਮਿਲ ਨਾਡੂ) ਲੋਕ ਬਾਣੀ--** ਤਿਰੂਵਰੂਰ ਜ਼ਿਲ੍ਹੇ ਦੇ ਥੁਲਸੇਂਦਰਪੁਰਮ ਪਿੰਡ ਵਿੱਚ ਉਤਸ਼ਾਹ ਅਤੇ ਉਮੀਦ ਦਾ ਮਾਹੌਲ ਬਣਿਆ ਹੋਇਆ ਹੈ। ਪਿੰਡ ਵਾਸੀਆਂ ਨੂੰ ਪੂਰੀ ਉਮੀਦ ਹੈ ਕਿ ਮੌਜੂਦਾ ਉਪ ਰਾਸ਼ਟਰਪਤੀ ਕਮਲਾ ਹੈਰਿਸ ਅਮਰੀਕੀ ਰਾਸ਼ਟਰਪਤੀ ਦੀ ਚੋਣ ਵਿੱਚ ਜਿੱਤ ਹਾਸਲ ਕਰੇਗੀ।

ਹੈਰਿਸ ਦੇ ਜੱਦੀ ਪਿੰਡ ਥੁਲਸੇਂਦਰਪੁਰਮ ਵਿੱਚ ਪਿੰਡ ਵਾਸੀਆਂ ਨੇ ਸ੍ਰੀ ਧਰਮ ਸੰਸਥਾ ਮੰਦਰ ਵਿੱਚ ਇਸ ਉਮੀਦ ਨਾਲ ਵਿਸ਼ੇਸ਼ ਪ੍ਰਾਰਥਨਾ ਕੀਤੀ ਹੈ ਕਿ ਉਹ ਸਾਬਕਾ ਰਾਸ਼ਟਰਪਤੀ ਅਤੇ ਰਿਪਬਲਿਕਨ ਉਮੀਦਵਾਰ ਡੋਨਾਲਡ ਟਰੰਪ ਨੂੰ ਹਰਾ ਕੇ ਜੇਤੂ ਰਹੇਗੀ। ਜ਼ਿਕਰਯੋਗ ਹੈ ਕਿ ਅਮਰੀਕਾ ਦੇ ਵੋਟਰ ਆਪਣਾ ਅਗਲਾ ਰਾਸ਼ਟਰਪਤੀ ਚੁਣਨ ਲਈ ਵੋਟਾਂ ਪਾ ਰਹੇ ਹਨ। ਥੁਲਸੇਂਦਰਪੁਰਮ ਕਮਲਾ ਦੇ ਨਾਨਾ ਤੇ ਪੀਵੀ ਗੋਪਾਲਨ ਦਾ ਜੱਦੀ ਪਿੰਡ ਹੈ

## ਸੀਬੀਆਈ ਨੇ ਕਈ ਰਾਜਾਂ ਵਿੱਚ ਛਾਪੇਮਾਰੀ ਕਰ ਕੀਤੀ ਵੱਡੀ ਰਿਕਵਰੀ



**ਨਵੀਂ ਦਿੱਲੀ ਲੋਕ ਬਾਣੀ-** :ਝਾਰਖੰਡ ਚ ਗ਼ੈਰ -ਕਾਨੂੰਨੀ ਮਾਈਨਿੰਗ ਦੇ ਮਾਮਲੇ ਚ ਸੀ.ਬੀ.ਆਈ. ਨੇ ਝਾਰਖੰਡ, ਪੱਛਮੀ ਬੰਗਾਲ ਅਤੇ ਬਿਹਾਰ ਸਮੇਤ 3 ਸੂਬਿਆਂ ਚ 16 ਥਾਵਾਂ ਤੇ ਛਾਪੇਮਾਰੀ ਕੀਤੀ। 50 ਲੱਖ ਰੁਪਏ ਨਕਦ, ਇਕ ਕਿੱਲੋ ਸੋਨਾ ਅਤੇ ਕੁਝ ਚਾਂਦੀ ਦੇ ਗਹਿਣੇ ਬਰਾਮਦ ਹੋਏ ਹਨ।ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨੇ ਦਿੱਲੀ, ਰਾਜਸਥਾਨ, ਉੱਤਰ ਪ੍ਰਦੇਸ਼, ਬਿਹਾਰ, ਮੱਧ ਪ੍ਰਦੇਸ਼, ਮਹਾਰਾਸ਼ਟਰ, ਉੜੀਸਾ, ਆਂਧਰਾ ਪ੍ਰਦੇਸ਼, ਤਾਮਿਲਨਾਡੂ ਅਤੇ ਕਰਨਾਟਕ ਸਮੇਤ 10 ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ 30 ਸਥਾਨਾਂ ਤੇ ਇੱਕ ਵਿਸ਼ਾਲ ਦੇਸ਼ ਵਿਆਪੀ ਤਲਾਸ਼ੀ ਮੁਹਿੰਮ ਚਲਾਈ ਹੈ।





## ਰਾਸ਼ਟਰਪਤੀ ਮੁਰਮੂ ਵਲੋਂ ਪਹਿਲੇ ਏਸ਼ੀਆਈ ਬੋਧੀ ਸ਼ਿਖਰ ਸੰਮੇਲਨ ਦਾ ਕੀਤਾ ਉਦਘਾਟਨ



**ਨਵੀਂ ਦਿੱਲੀ,, ਲੋਕ ਬਾਣੀ-** : ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਪਹਿਲੇ ਦੋ-ਰੋਜ਼ਾ ਏਸ਼ੀਆਈ ਬੋਧੀ ਸਿਖਰ ਸੰਮੇਲਨ ਦਾ ਆਗਾਜ਼ ਮੰਗਲਵਾਰ ਨੂੰ ਇਥੇ ਰਾਸ਼ਟਰਪਤੀ ਦਰੋਪਦੀ ਮੁਰਮੂ ਦੀ ਹਾਜ਼ਰੀ ਵਿਚ ਹੋਇਆ, ਜਿਸ ਵਿਚ ਏਸ਼ੀਆ ਭਰ ਦੇ ਵੱਖ-ਵੱਖ ਮੁਲਕਾਂ ਤੋਂ ਬੋਧੀ ਭਿਖਸ਼ੂ ਅਤੇ ਹੋਰ ਬੋਧੀ ਵਿਦਵਾਨ ਹਿੱਸਾ ਲੈ ਰਹੇ ਹਨ। ਇਹ ਸੰਮੇਲਨ ਕੇਂਦਰੀ ਸੱਭਿਆਚਾਰਕ ਮਾਮਲੇ ਮੰਤਰਾਲੇ ਵੱਲੋਂ ਕੌਮਾਂਤਰੀ ਬੋਧੀ ਕਨਫੈਡਰੇਸ਼ਨ - 923) ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਰਾਸ਼ਟਰਪਤੀ ਮੁਰਮੂ ਨੇ ਬੋਧੀ ਪ੍ਰਾਰਥਨਾ ਦੇ ਉਚਾਰਣ ਦੌਰਾਨ ਦੀਪ ਜਲਾ ਕੇ ਸੰਮੇਲਨ ਦਾ ਉਦਘਾਟਨ ਕੀਤਾ।

## ਜਗਦੀਸ਼ ਟਾਈਟਲਰ ਕੇਸ ਦੀ ਸੁਣਵਾਈ ਹੋਵੇਗੀ 12 ਨੂੰ



**ਦਿੱਲੀ, ਲੋਕ ਬਾਣੀ--**ਦਿੱਲੀ ਦੀ ਅਦਾਲਤ 1984 ਸਿੱਖ ਕਤਲੇਆਮ ਦੌਰਾਨ ਉੱਤਰੀ ਦਿੱਲੀ ਦੇ ਪੁਲ ਬੰਗਸ਼ ਇਲਾਕੇ ਵਿੱਚ ਤਿੰਨ ਜਣਿਆਂ ਦੀ ਹੱਤਿਆਂ ਨਾਲ ਜੁੜੇ ਇੱਕ ਮਾਮਲੇ ਵਿੱਚ ਕਾਂਗਰਸ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ 12 ਨਵੰਬਰ ਨੂੰ ਸੁਣਵਾਈ ਕਰ ਸਕਦੀ ਹੈ।

ਵਿਸ਼ੇਸ਼ ਜੱਜ ਜਿਤੇਂਦਰ ਸਿੰਘ, ਜਿਨ੍ਹਾਂ ਅੱਜ ਮਾਮਲੇ ਦੀ ਸੁਣਵਾਈ ਕਰਨੀ ਸੀ, ਨੇ ਇਹ ਦੱਸਦਿਆਂ ਸੁਣਵਾਈ ਮੁਲਤਵੀ ਕਰ ਦਿੱਤੀ ਕਿ ਮੁਲਜ਼ਮ ਦੇ ਵਕੀਲ ਦੀ ਸਿਹਤ ਨਾਸਾਜ਼ ਹੈ। ਉਨ੍ਹਾਂ ਕਿਹਾ, "ਮੁਲਜ਼ਮ ਦੇ ਵਕੀਲ ਦਾ ਕਹਿਣਾ ਹੈ ਕਿ ਮੁੱਖ ਵਕੀਲ/ਉਸ ਦੇ ਪਿਤਾ ਦੀ ਸਿਹਤ ਠੀਕ ਨਹੀਂ ਹੈ। ਇਸ ਲਈ, ਉਸ ਨੇ ਸੁਣਵਾਈ ਥੋੜ੍ਹਾ ਅੱਗੇ ਪਾਉਣ ਦੀ ਅਪੀਲ ਕੀਤੀ ਹੈ।

## ਗੁਜਰਾਤ ਵਿਚ ਡਿੱਗੀਆਂ ਨਿਰਮਾਣ ਅਧੀਨ ਪੁਲ



**ਆਨੰਦ (ਗੁਜਰਾਤ) ਲੋਕ ਬਾਣੀ-** - ਆਨੰਦ ਵਿਚ ਬੁਲੇਟ ਟਰੇਨ ਪ੍ਰੋਜੈਕਟ ਦਾ ਇਕ ਨਿਰਮਾਣ ਅਧੀਨ ਪੁਲ ਡਿੱਗ ਗਿਆ। ਕਈ ਲੋਕਾਂ ਦੇ ਫਸੇ ਹੋਣ ਦੀ ਸੰਭਾਵਨਾ ਹੈ। ਬਚਾਅ ਕਾਰਜ ਜਾਰੀ ਹੈ। ਆਨੰਦ ਪੁਲਿਸ ਅਤੇ ਫਾਇਰ ਵਿਭਾਗ ਦੇ ਅਧਿਕਾਰੀ ਮੌਕੇ ਤੇ ਮੌਜੂਦ ਹਨ। ਹਾਦਸੇ ਬਾਰੇ ਨੈਸ਼ਨਲ ਹਾਈ ਸਪੀਡ ਰੇਲ ਕਾਰਪੋਰੇਸ਼ਨ ਲਿਮਟਿਡ ਨੇ ਦੱਸਿਆ ਕਿ ਸੋਮਵਾਰ ਸ਼ਾਮ ਨੂੰ ਮਾਹੀ ਨਦੀ ਤੇ ਬੁਲੇਟ ਟਰੇਨ ਪ੍ਰੋਜੈਕਟ ਦੀ ਉਸਾਰੀ ਵਾਲੀ ਥਾਂ ਤੇ ਕੰਕਰੀਟ ਦੇ ਬਲਾਕਾਂ ਵਿਚਕਾਰ ਤਿੰਨ ਮਜ਼ਦੂਰ ਫਸ ਗਏ। ਕਰੇਨ ਅਤੇ ਖੁਦਾਈ ਮਸ਼ੀਨਾਂ ਦੀ ਮਦਦ ਨਾਲ ਰਾਹਤ ਕਾਰਜ ਜਾਰੀ ਹੈ। ਇਕ ਮਜ਼ਦੂਰ ਨੂੰ ਬਚਾ ਲਿਆ ਗਿਆ ਹੈ ਅਤੇ ਉਸ ਨੂੰ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ।

## ਭਾਜਪਾ ਨੂੰ ਬਰਨਾਲਾ ਜ਼ਿਮਨੀ ਚੋਣਾਂ ਦੌਰਾਨ ਲੱਗਾ ਝਟਕਾ



**ਜਲੰਧਰ, ਬਿੱਟੂ ਫੋਲੜੀਵਾਲ --**ਬਰਨਾਲਾ ਵਿਧਾਨ ਸਭਾ ਜ਼ਿਮਨੀ ਚੋਣਾ ਦੇ ਮਾਹੌਲ ਵਿਚ ਭਾਜਪਾ ਨੂੰ ਵੱਡਾ ਨੁਕਸਾਨ ਹੁੰਦਾ ਨਜ਼ਰ ਆ ਰਿਹਾ ਤੇ ਕੇਂਦਰ ਸਰਕਾਰ ਵਾਲੀ ਪਾਰਟੀ ਦਾ ਚੇਹਰਾ ਪਾਰਟੀ ਛੱਡ ਗਿਆ ਹੈ ਬਰਨਾਲਾ 'ਚ ਭਾਜਪਾ ਦੇ ਸੀਨੀਅਰ ਆਗੂ ਅਤੇ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਇੱਥੋਂ ਭਾਜਪਾ ਦੇ ਉਮੀਦਵਾਰ ਧੀਰਜ ਕੁਮਾਰ ਦਦਾਹੂਰ ਅਤੇ ਕ੍ਰਾਂਤੀਕਾਰੀ ਵਪਾਰ ਮੰਡਲ ਦੇ ਪ੍ਰਧਾਨ ਨੀਰਜ ਜਿੰਦਲ ਸੋਮਵਾਰ ਨੂੰ 'ਭਾਜਪਾ ਨੂੰ ਛੱਡ ਗਏ'

## ਕਿਸਾਨਾਂ ਨੇ ਆਪ ਉਮੀਦਵਾਰਾਂ ਤੇ ਭਾਜਪਾ ਦੇ ਨੇਤਾਵਾਂ ਦੇ ਘਰ ਦਫਤਰ ਘੇਰਣ ਲਈ ਲਾਏ ਪੱਕੇ ਮੋਰਚੇ


ਕਿਸਾਨਾਂ ਵਲੋਂ ਪੱਕੇ ਮੋਰਚੇ ਦਾ ਐਲਾਨ

**ਚੰਡੀਗੜ੍ਹ, ਵਿਨੋਦ ਸ਼ਰਮਾ --**ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਜ਼ਿਮਨੀ ਚੋਣਾਂ ਵਿੱਚ ਗਿੱਦੜਬਾਹਾ ਹਲਕੇ ਤੋਂ ਆਪ ਦੇ ਹਰਦੀਪ ਸਿੰਘ ਡਿੰਪੀ ਢਿੱਲੋਂ ਸਮੇਤ ਅੱਜ ਮਾਲਵੇ ਦੇ ਦੋਨਾਂ ਹਲਕਿਆਂ ਵਿੱਚ ਸੱਤਾਧਾਰੀ ਦਲਾਂ ਦੇ ਚਾਰੇ ਉਮੀਦਵਾਰਾਂ ਦੇ ਰਿਹਾਇਸ਼ੀ ਦਫ਼ਤਰਾਂ ਅੱਗੇ ਪੱਕੇ ਮੋਰਚੇ ਲਾਏ ਗਏ।

ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ 26 ਟੌਲ-ਮੁਕਤ ਮੋਰਚਿਆਂ ਸਮੇਤ ਅੱਜ ਲਾਏ ਗਏ 30 ਪੱਕੇ ਮੋਰਚੇ।

## ਹਾਈਕੋਰਟ ਨੇ ਸਰਕਾਰਾਂ ਤੋਂ ਅਮ੍ਰਿਤਪਾਲ ਮਾਮਲੇ ਵਿੱਚ ਪੁੱਛੇ ਸਵਾਲ




**ਚੰਡੀਗੜ੍ਹ, ਵਿਨੋਦ ਸ਼ਰਮਾ --**ਆਸਾਮ ਦੀ ਡਿਬਰੂਗੜ੍ਹ ਜੇਲ੍ਹ ਚ ਬੰਦ ਖਾਲਿਸਤਾਨ ਸਮਰਥਕ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ 'ਤੇ ਮੁੜ ਲਾਏ ਗਏ ਕੌਮੀ ਸੁਰੱਖਿਆ ਕਾਨੂੰਨ (ਐਨਐਸਏ) ਕੇਸ ਵਿੱਚ ਮੰਗਲਵਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਅਹਿਮ ਸੁਣਵਾਈ ਹੋਈ।ਇਸ ਦੌਰਾਨ ਅਦਾਲਤ ਨੇ ਸਰਕਾਰ ਤੋਂ ਪੁੱਛਿਆ ਕਿ ਜਦੋਂ ਡੀਸੀ ਨੇ ਅੰਮ੍ਰਿਤਪਾਲ ਸਿੰਘ ਤੇ 13 ਮਾਰਚ ਨੂੰ ਐਨਐਸਏ ਲਗਾਉਣ ਦੇ ਹੁਕਮ ਦਿੱਤੇ ਸਨ ਤਾਂ ਫਿਰ ਇਸ ਨੂੰ ਲਾਗੂ ਕਰਨ ਵਿੱਚ 10 ਦਿਨਾਂ ਦੀ ਦੇਰੀ ਕਿਉਂ ਕੀਤੀ ਗਈ ?।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦ.ਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਤੇ NSA ਵਧਾਉਣ ਦੇ ਮਾਮਲੇ ਚ ਹਾਈਕੋਰਟ ਨੇ ਪੰਜਾਬ ਤੇ ਕੇਂਦਰ ਸਰਕਾਰ ਤੋਂ ਮੰਗਿਆ ਜਵਾਬ, 4 ਦਸੰਬਰ ਨੂੰ ਹੋਵੇਗੀ ਅਗਲੀ...




ਚੰਡੀਗੜ੍ਹ-(ਲੋਕ ਬਾਣੀ) ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਵਾਰਿਸ ਪੰਜਾਬ ਦੇ ਮੁੱਖੀ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ 'ਤੇ ਮੁੜ ਲਾਏ ਗਏ ਕੌਮੀ ਸੁਰੱਖਿਆ ਕਾਨੂੰਨ (ਐਨਐਸਏ) ਕੇਸ ਵਿੱਚ ਅੱਜ (ਮੰਗਲਵਾਰ) ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਅਹਿਮ ਸੁਣਵਾਈ ਹੋਈ। ਇਸ ਦੌਰਾਨ ਅਦਾਲਤ ਨੇ ਸਰਕਾਰ ਤੋਂ ਪੁੱਛਿਆ ਕਿ ਜਦੋਂ ਡੀਸੀ ਨੇ ਅੰਮ੍ਰਿਤਪਾਲ ਸਿੰਘ ਤੇ 13 ਮਾਰਚ ਨੂੰ ਐਨਐਸਏ ਲਗਾਉਣ ਦੇ ਹੁਕਮ ਦਿੱਤੇ ਸਨ ਤਾਂ ਫਿਰ ਇਸ ਨੂੰ ਲਾਗੂ ਕਰਨ ਵਿੱਚ 10 ਦਿਨਾਂ ਦੀ ਦੇਰੀ ਕਿਉਂ ਕੀਤੀ ਗਈ।

ਅਦਾਲਤ ਨੇ ਕੇਂਦਰ ਅਤੇ ਪੰਜਾਬ ਸਰਕਾਰਾਂ ਨੂੰ ਕਿਹਾ ਹੈ ਕਿ ਇਸ ਸਬੰਧੀ ਹੁਣ ਤੱਕ ਜੋ ਵੀ ਹੁਕਮ ਜਾਰੀ ਕੀਤੇ ਗਏ ਹਨ, ਉਨ੍ਹਾਂ ਨੂੰ ਅਗਲੀ ਸੁਣਵਾਈ ਵਿੱਚ ਪੇਸ਼ ਕੀਤਾ ਜਾਵੇ।

ਇਸ ਦੇ ਨਾਲ ਹੀ ਪੰਜਾਬ ਸਰਕਾਰ ਨੇ ਕਿਹਾ ਹੈ ਕਿ ਦਸ ਦਿਨ ਦੀ ਦੇਰੀ ਬਾਰੇ ਹਲਫ਼ਨਾਮਾ ਦੇ ਕੇ ਜਵਾਬ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਐਨਐਸਏ ਨੂੰ ਚੁਣੌਤੀ ਦੇਣ ਵਾਲੇ ਸਾਰੇ ਮੁਲਜ਼ਮਾਂ ਦੇ ਵਕੀਲਾਂ ਨੂੰ ਅਗਲੀ ਸੁਣਵਾਈ 'ਤੇ ਆਪਣੇ ਨੁਕਤੇ ਲਿਆਉਣ ਲਈ ਕਿਹਾ ਗਿਆ ਹੈ, ਹੁਣ ਇਸ ਮਾਮਲੇ ਤੇ ਅਗਲੀ ਸੁਣਵਾਈ 4 ਦਸੰਬਰ ਨੂੰ ਹੋਵੇਗੀ।

# ਪਰਾਲੀ ਸਾੜਨ ਵਾਲਿਆਂ ਖ਼ਿਲਾਫ਼ ਐਕਸ਼ਨ ਮੋਡ ਚ ਪ੍ਰਸ਼ਾਸਨ, ਜਾਣੋ ਪੰਜਾਬ ਦੇ ਜ਼ਿਲ੍ਹਿਆਂ ਦਾ ਹਾਲ.



(ਲੋਕ ਬਾਣੀ) ਪੰਜਾਬ ਰਿਮੋਟ ਸੈਂਸਿੰਗ ਸੈਂਟਰ ਦੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ ਸੋਮਵਾਰ ਨੂੰ ਸਿਰਫ 13 ਖੇਤਾਂ ਵਿੱਚ ਪਰਾਲੀ ਸਾੜਨ ਦੀਆਂ ਰਿਪੋਰਟਾਂ ਹਨ, ਜਿਸ ਨਾਲ ਕੁੱਲ ਗਿਣਤੀ 4,145 ਹੋ ਗਈ ਹੈ। ਪੰਜਾਬ ਵਿੱਚ ਝੋਨੇ ਦੀ ਕਟਾਈ ਦਾ ਕੰਮ ਅਜੇ ਵੀ ਜਾਰੀ ਹੈ। ਪੰਜਾਬ ਅਤੇ ਹਰਿਆਣਾ ਵਿੱਚ ਪਰਾਲੀ ਸਾੜਨ ਨੂੰ ਅਕਸਰ ਅਕਤੂਬਰ ਅਤੇ ਨਵੰਬਰ ਵਿੱਚ ਝੋਨੇ ਦੀ ਫ਼ਸਲ ਦੀ ਕਟਾਈ ਤੋਂ ਬਾਅਦ ਦਿੱਲੀ ਵਿੱਚ ਹਵਾ ਪ੍ਰਦੂਸ਼ਣ ਵਿੱਚ ਵਾਧੇ ਲਈ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ। ਇਸ ਲਈ ਕੁਝ ਕਿਸਾਨ ਅਗਲੀ ਫ਼ਸਲ ਦੀ ਬਿਜਾਈ ਲਈ ਫ਼ਸਲ ਦੀ ਰਹਿੰਦ-ਖੂੰਹਦ ਨੂੰ ਜਲਦੀ ਸਾਫ਼ ਕਰਨ ਲਈ ਆਪਣੇ ਖੇਤਾਂ ਨੂੰ ਅੱਗ ਲਗਾ ਦਿੰਦੇ ਹਨ।

# ਜਲੰਧਰ ਚ ਬਗੈਰ ਕਿਸੇ ਡੱਰ ਖੌਫ ਤੋਂ ਸੜਕ ਕਿਨਾਰੇ ਕਰੇਨਾ ਦੁਆਰਾ ਕੀਤਾਂ ਜਾ ਰਿਹਾ ਕਬਜ਼ਾ



ਜਲੰਧਰ, ਵਿਸ਼ਾਲ ਸ਼ੈਲੀ --ਜਲੰਧਰ ਸ਼ਹਿਰ ਦੇ ਪਠਾਨਕੋਟ ਚੌਕ ਤੋਂ ਲੰਮਾ ਪਿੰਡ ਚੋਕ ਨੂੰ ਜਾ ਰਹੀ ਸਰਵਿਸ ਲੇਨ ਜ਼ੋ ਕਿ ਆਮ ਲੋਕਾਂ ਦੇ ਲਾਗੇ ਲਈ ਹੈ ਤੇ ਪ੍ਰਾਈਵੇਟ ਕਰੇਨਾ ਦੇ ਮਾਲਕ ਵਲੋਂ ਸੜਕ ਤੇ ਖੜੇ ਕਰ ਲੋਕਾਂ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ ਜਿਸ ਕਾਰਨ ਆਏ ਦਿਨ ਜ਼ਾਮ ਲੱਗਾ ਰਹਿੰਦਾ ਹੈ ਤੇ ਰਾਤ ਸਮੇਂ ਨਸ਼ੇੜੀ ਅਕਸਰ ਇਥੇ ਦੇਖੇ ਜਾ ਸਕਦੇ ਹਨ ਜਿਸਨਾਲ ਵੱਡੀ ਘਟਨਾ ਵਾਪਰਣ ਦਾ ਡਰ ਹੈ ਤੇ ਮੁਹੱਲਾ ਨਿਵਾਸੀਆਂ ਨੇ ਇਸ ਦੀ ਸ਼ਿਕਾਇਤ ਕਈ ਵਾਰ ਕੀਤਾ ਪਰ ਇਸ ਮਾਲਕ ਤੇ ਕੋਈ ਅਸਰ ਨਹੀਂ ਹੋਇਆ

ਰੋਜ਼ਾਨਾ ਲੋਕ ਬਾਣੀ www.lokbani

# ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਖੰਨਾ ਤੋਂ- ਤਰੁਨਪ੍ਰੀਤ ਸਿੰਘ ਸੌਂਦ

ਚੰਡੀਗੜ੍ਹ, (ਲੋਕ ਬਾਣੀ) (ਦੀ ਪੰਜਾਬ ਵਾਇਰ)। ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਖੰਨਾ ਸ਼ਹਿਰ ਤੋਂ ਕੀਤੀ ਜਾ ਰਹੀ ਹੈ। ਇਸ ਮੰਤਵ ਲਈ ਪੰਜਾਬ ਸਰਕਾਰ ਵੱਲੋਂ 4 ਕਰੋੜ 08 ਲੱਖ 12 ਹਜ਼ਾਰ 850 ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ। 1 ਦਸੰਬਰ, 2024 ਤੋਂ ਇਸ ਪ੍ਰੋਜੈਕਟ ਦੀ ਸ਼ੁਰੂਆਤ ਇਕ ਸਾਲ ਲਈ ਕੀਤੀ ਜਾ ਰਹੀ ਹੈ। ਇਸ ਪਾਇਲਟ ਪ੍ਰੋਜੈਕਟ ਦੀ ਕਾਮਯਾਬੀ ਤੋਂ ਬਾਅਦ ਇਸ ਨੂੰ ਪੰਜਾਬ ਦੇ ਹੋਰਨਾਂ ਖੇਤਰਾਂ ਵਿੱਚ ਵੀ ਸ਼ੁਰੂ ਕੀਤਾ ਜਾਵੇਗਾ।

ਜ਼ਿਆਦਾ ਜਾਣਕਾਰੀ ਦਿੰਦਿਆਂ ਉਦਯੋਗ ਮੰਤਰੀ ਤੇ ਖੰਨਾ ਦੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਨੂੰ ਕੂੜਾ ਮੁਕਤ ਕਰਨ ਲਈ ਯਤਨਸ਼ੀਲ ਹੈ ਅਤੇ ਇਸ ਮਕਸਦ ਦੀ ਪੂਰਤੀ ਲਈ ਪੰਜਾਬ ਦਾ ਪਹਿਲਾ ਪਾਇਲਟ ਪ੍ਰੋਜੈਕਟ ਖੰਨਾ ਸ਼ਹਿਰ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।



ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਹਰ ਵਾਰਡ ਦੇ ਹਰ ਇਕ ਘਰ ਵਿੱਚੋਂ ਗਿੱਲਾ ਅਤੇ ਸੁੱਕਾ ਕੂੜਾ ਅਲੱਗ-ਅਲੱਗ ਕਰਕੇ ਚੁੱਕਿਆ ਜਾਵੇਗਾ। ਸੌਂਦ ਨੇ ਕਿਹਾ ਕਿ ਇਸ ਪ੍ਰੋਜੈਕਟ ਦੇ ਆਉਣ ਨਾਲ ਸ਼ਹਿਰ ਦੇ ਕਿਸੇ ਵੀ ਹੋਰ ਪੁਆਇੰਟ 'ਤੇ ਕੂੜਾ ਨਹੀਂ ਸੁੱਟਿਆ ਜਾਵੇਗਾ, ਜਿਸ ਨਾਲ ਸ਼ਹਿਰ ਦੇ ਸਾਰੇ ਵਾਰਡਾਂ ਵਿੱਚੋਂ ਕੂੜਾ ਖਤਮ ਹੋ ਜਾਵੇਗਾ ਅਤੇ ਸ਼ਹਿਰ ਦੀ ਦਿੱਖ ਸੁੰਦਰ ਤੇ ਖੂਬਸੂਰਤ ਦਿਸੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਅਧੀਨ ਖੰਨਾ ਸ਼ਹਿਰ ਦੇ ਸਾਰੇ ਰਿਹਾਇਸ਼ੀ/ਵਪਾਰਕ/ਰੇਹੜੀ ਫੜ੍ਹੀ ਵਾਲਿਆਂ ਨੂੰ ਇੱਕ ਯੂਜ਼ਰ ਨੰਬਰ ਜਾਰੀ ਕਰ ਕੇ ਇੱਕ ਐਪ ਨਾਲ ਜੋੜਿਆ ਜਾਵੇਗਾ। ਕੂੜਾ ਇੱਕਠਾ ਕਰਨ ਦਾ ਬਹੁਤ ਹੀ ਘੱਟ ਬਿੱਲ ਹਰੇਕ ਯੂਜ਼ਰ ਨੂੰ ਮੈਸੇਜ ਰਾਹੀਂ ਮੋਬਾਇਲ 'ਤੇ ਭੇਜਿਆ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਹਿਰ ਵਾਸੀ ਯੂਜ਼ਰ ਚਾਰਜੀਜ਼ ਨੂੰ ਆਨ ਲਾਈਨ ਅਤੇ ਆਫ ਲਾਈਨ ਦੋਹਾਂ ਤਰੀਕਿਆਂ ਨਾਲ ਅਦਾ ਕਰ ਸਕਦੇ ਹਨ ।

ਸੌਂਦ ਨੇ ਕਿਹਾ ਕਿ ਇਸ ਸਬੰਧੀ ਇੱਕ ਸ਼ਿਕਾਇਤ ਸੈਲ ਵੀ ਸਥਾਪਿਤ ਕੀਤਾ ਜਾ ਰਿਹਾ ਹੈ ਅਤੇ ਕੂੜੇ ਸਬੰਧੀ ਪ੍ਰਾਪਤ ਹੋਈ ਕੋਈ ਵੀ ਸ਼ਿਕਾਇਤ 'ਤੇ 60 ਮਿੰਟ ਵਿਚ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਖੰਨਾ ਵਾਸੀਆਂ ਨੂੰ ਇਸ ਪ੍ਰੋਜੈਕਟ ਨੂੰ ਕਾਮਯਾਬ ਕਰਨ ਦੀ ਅਪੀਲ ਕੀਤੀ ਹੈ ਤਾਂ ਜੋ ਇਸ ਤੋਂ ਬਾਅਦ ਪੰਜਾਬ ਦੇ ਹੋਰਨਾਂ ਖੇਤਰਾਂ ਵਿੱਚ ਵੀ ਇਸ ਨੂੰ ਸ਼ੁਰੂ ਕੀਤਾ ਜਾ ਸਕੇ ਅਤੇ ਪੰਜਾਬ ਨੂੰ ਕੂੜਾ ਮੁਕਤ ਕਰਕੇ 'ਰੰਗਲਾ ਪੰਜਾਬ' ਬਣਾਇਆ ਜਾ ਸਕੇ।

# ਪਿਛਲੇ 15 ਸਾਲਾਂ ਤੋਂ ਬਿਨਾਂ ਅੱਗ ਲਗਾਏ ਕੀਤੀ ਜਾ ਰਹੀ ਹੈ ਅਗਾਂਹਵਧੂ ਕਿਸਾਨ ਜਸਪਾਲ ਸਿੰਘ ਵਲੋਂ ਕਣਕ ਦੀ ਬਿਜਾਈ

ਗੁਰਦਾਸਪੁਰ, (ਲੋਕ ਬਾਣੀ) । ਜਿਥੇ ਕੁਝ ਕਿਸਾਨਾਂ ਵਲੋਂ ਪਰਾਲੀ/ਫਸਲ ਦੀ ਰਹਿੰਦ-ਖੂੰਹਦ ਦੀ ਮਹੱਤਤਾ ਨਾ ਸਮਝਦੇ ਹੋਏ, ਓਸ ਨੂੰ ਅੱਗ ਲਗਾ ਕਿ ਜ਼ਮੀਨ ਅਤੇ ਵਾਤਾਵਰਣ ਦਾ ਨੁਕਸਾਨ ਕੀਤਾ ਜਾ ਰਿਹਾ ਹੈ, ਓਥੇ ਕੁੱਝ ਕਿਸਾਨ ਅਜਿਹੇ ਵੀ ਹਨ, ਜੋ ਪਿਛਲੇ ਲੰਬੇ ਸਮੇਂ ਤੋਂ ਪਰਾਲੀ ਨੂੰ ਬਿਨਾਂ ਅੱਗ ਲਾਏ ਇਸ ਦਾ ਖੇਤ ਵਿੱਚ ਪ੍ਰਬੰਧਨ ਕਰ ਰਹੇ ਹਨ।

ਅਜਿਹੇ ਅਗਾਂਹਵਧੂ ਕਿਸਾਨਾਂ ਵਿੱਚੋਂ ਇੱਕ ਕਿਸਾਨ ਜਸਪਾਲ ਸਿੰਘ ਵਾਸੀ ਪਿੰਡ ਸ਼ਾਹਪੁਰ ਗੋਰਾਇਆ, ਬਲਾਕ ਡੇਰਾ ਬਾਬਾ ਨਾਨਕ ਵੀ ਹਨ।

ਕਿਸਾਨ ਜਸਪਾਲ ਸਿੰਘ ਵੱਲੋਂ ਅੱਜ ਖੇਤੀਬਾੜੀ ਅਧਿਕਾਰੀਆਂ ਡਾ. ਸੁਖਬੀਰ ਸਿੰਘ ਅਤੇ ਡਾ. ਗੁਰਪ੍ਰਤਾਪ ਸਿੰਘ ਨਾਲ ਆਪਣਾ ਤਜੁਰਬਾ ਸਾਂਝਾ ਕਰਦੇ ਹੋਏ ਦੱਸਿਆ ਕਿ ਓਹ ਆਪਣੇ ਪਿਤਾ ਜੀ ਨਾਲ ਮਿਲ ਕੇ ਪਿਛਲੇ 15 ਸਾਲਾਂ ਤੋਂ ਕਣਕ ਦੀ ਬਿਜਾਈ ਪਰਾਲੀ ਨੂੰ ਬਿਨਾਂ ਅੱਗ ਲਗਾ ਕੇ ਕਰ ਰਹੇ ਹਨ।

ਉਨ੍ਹਾਂ ਦੱਸਿਆ ਕੇ ਪਿਛਲੇ ਸਮੇਂ ਵਿੱਚ ਉਨ੍ਹਾਂ ਵਲੋ ਕਣਕ ਦੀ ਬਿਜਾਈ ਹੈਪੀ ਸੀਡਰ ਅਤੇ ਸੁਪਰ ਸੀਡਰ ਨਾਲ ਕੀਤੀ ਜਾਂਦੀ ਸੀ, ਪ੍ਰੰਤੂ ਇਸ ਸਾਲ ਕਿਸਾਨ ਵਲੋਂ ਖੇਤੀਬਾੜੀ ਵਿਭਾਗ ਦੀ ਸਲਾਹ ਅਨੁਸਾਰ ਸਮਾਰਟ ਸੀਡਰ ਨਾਲ ਕਣਕ ਦੀ ਬਿਜਾਈ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਉਹ ਆਪਣੇ ਝੋਨੇ ਦੀ ਪਰਾਲੀ ਨੂੰ ਬਿਜਾਈ ਤੋਂ ਪਹਿਲਾਂ ਖੇਤ ਵਿੱਚ ਇਕਸਾਰ ਖਿਲਾਰ ਲਿਆ ਗਿਆ ਸੀ, ਜਿਸ ਨਾਲ ਕਿ ਮਸ਼ੀਨ ਆਸਾਨੀ ਨਾਲ ਚੱਲ ਸਕੇ । ਇਸ ਵਿਧੀ ਰਾਹੀਂ ਪਰਾਲੀ ਇਕਸਾਰ ਖੇਤ ਵਿੱਚ ਇਕ ਪਰਤ ਬਣਾ ਲੈਂਦੀ ਹੈ ਜਿਸ ਨਾਲ ਜ਼ਮੀਨ ਵਿੱਚ ਵੱਤਰ ਬਣਿਆ ਰਹਿੰਦਾ ਹੈ ਅਤੇ ਨਦੀਨ ਦੀ ਸਮੱਸਿਆ ਵੀ ਘੱਟ ਆਉਂਦੀ ਹੈ।



ਉਨਾਂ ਹੋਰਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਓਹ ਪਰਾਲੀ ਨੂੰ ਬਿਨਾਂ ਅੱਗ ਲਾਏ, ਇਸ ਦਾ ਖੇਤ ਵਿੱਚ ਹੀ ਪ੍ਰਬੰਧਨ ਕਰਨ ਤਾਂ ਜੋ ਜ਼ਮੀਨ ਦੀ ਉਪਜਾਊ ਸ਼ਕਤੀ ਵੱਧ ਸਕੇ ਅਤੇ ਸਾਡੇ ਆਲੇ-ਦੁਆਲੇ ਦਾ ਵਾਤਾਵਰਣ ਵੀ ਸ਼ੁੱਧ ਰਹੇ।

ਇਸ ਮੌਕੇ ਅਮਰੀਕ ਸਿੰਘ, ਪੁਨੀਤ ਢਿੱਲੋਂ ਅਤੇ ਹੋਰ ਕਿਸਾਨ ਵੀ ਮੌਜੂਦ ਸਨ।

# ਜਨਤਕ ਜਮੂਹੂਰੀ ਜਥੇਬੰਦੀਆਂ ਵੱਲੋਂ ਮਨੁੱਖੀ ਅਧਿਕਾਰ ਦਿਵਸ ਜ਼ਿਲ੍ਹਾ ਪੱਧਰਾਂ ‘ਤੇ ਮਨਾਉਣ ਦਾ ਐਲਾਨ

ਬਰਨਾਲਾ (ਲੋਕ ਬਾਣੀ)- ਪੰਜਾਬ ਦੀਆਂ ਤਿੰਨ ਦਰਜਨ ਜਨਤਕ ਜਮੂਹੂਰੀ ਜਥੇਬੰਦੀਆਂ ਨੇ ਬਰਨਾਲਾ ਵਿਖੇ ਪੰਜਾਬ ਦੇ ਲੋਕਾਂ ਨੂੰ ਕੌਮਾਂਤਰੀ ਮਨੁੱਖੀ ਅਧਿਕਾਰ ਦਿਹਾੜੇ ਨੂੰ ਹਕੂਮਤ ਵੱਲੋਂ ਮਨੁੱਖੀ ਤੇ ਜਮਹੂਰੀ ਅਧਿਕਾਰਾਂ ਉੱਤੇ ਕੀਤੇ ਜਾ ਰਹੇ ਹਮਲਿਆਂ ਦੇ ਵਿਰੋਧ ਵਜੋ ਮਨਾਉਣ ਦਾ ਸੱਦਾ ਦਿੱਤਾ ਹੈ।

ਨਿਰਭੈ ਸਿੰਘ ਢੁੱਡੀਕੇ ਦੀ ਪ੍ਰਧਾਨਗੀ ਹੇਠ ਹੋਈ ਜਥੇਬੰਦੀਆਂ ਦੀ ਮੀਟਿੰਗ ਦੇ ਵੇਰਵੇ ਜਾਰੀ ਕਰਦਿਆਂ ਤਰਕਸ਼ੀਲ ਸੁਸਾਇਟੀ ਪੰਜਾਬ ਅਤੇ ਜਮੂਹਰੀ ਅਧਿਕਾਰ ਸਭਾ ਪੰਜਾਬ ਆਗੂਆਂ ਨੇ ਦੱਸਿਆ ਕਿ ਨਵੇਂ ਫ਼ੌਜਦਾਰੀ ਕਾਨੂੰਨਾਂ, ਯੂਏਪੀਏ ਅਤੇ 295 (299) ਆਦਿ ਹੋਰ ਕਾਲੇ ਕਾਨੂੰਨਾਂ ਨਾਗਰਿਕਾਂ, ਸੰਘਰਸ਼ੀਲ ਕਾਰਕੁਨਾਂ ਦੇ ਵਿਚਾਰ ਪ੍ਰਗਟਾਵੇ, ਜਥੇਬੰਦ ਹੋਣ ਅਤੇ ਸੰਘਰਸ਼ ਕਰਨ ਨੂੰ ਅਧਿਕਾਰ ਨੂੰ ਕੁਚਲਣ, ਉਨ੍ਹਾਂ ਨੂੰ ਜੇਲ੍ਹਾਂ ‘ਚ ਬੰਦ ਕਰਨ ਤੋਂ ਇਲਾਵਾ ਕੌਮੀ ਜਾਂਚ ਵਰਗੀਆਂ ਏਜੰਸੀਆਂ ਦੇ ਛਾਪਿਆਂ ਨਾਲ ਦਹਿਸ਼ਤਜਦਾ ਕਰਨ, ਗ੍ਰਿਫ਼ਤਾਰ ਕਰਕੇ ਲੰਮੇ ਸਮੇਂ ਲਈ ਜ਼ੇਲ੍ਹਾਂ ‘ਚ ਸੁੱਟਣ ਤੋਂ ਇਲਾਵਾ ਨਵੇਂ ਚਾਰ ਕਿਰਤ ਕੋਡਾਂ ਰਾਹੀਂ ਮਜ਼ਦੂਰਾਂ ਅਧਿਕਾਰਾਂ ਨੂੰ ਖੋਹਣ ਵਰਗੇ ਕਦਮਾਂ ਵਿਰੁੱਧ ਪੰਜਾਬ ਪੱਧਰੀ ਸਾਡੀ ਸਾਂਝੀ ਮੁਹਿੰਮ ਚਲਾਉਣ ਦਾ ਫੈਸਲਾ ਲਿਆ ਗਿਆ।

ਇਸ ਮੌਕੇ ਆਗੂਆਂ ਨੇ ਕਿਹਾ ਕਿ ਕਿਰਤੀਆਂ ਦੇ ਅਧਿਕਾਰਾਂ ਉੱਪਰ ਇਸ ਤਿੱਖੇ ਹੋਏ ਹਮਲੇ ਦੀ ਜੜ੍ਹ 1991 ਦੀਆਂ ਸੰਸਾਰੀਕਰਨ, ਉਦਾਰੀਕਰਨ, ਅਤੇ ਨਿਜੀਕਰਨ ਦੀਆਂ ਨੀਤੀਆਂ ਹਨ। ਮੀਟਿੰਗ ਵਿੱਚ ਆਦਿਵਾਸੀ ਖੇਤਰ ਉੱਪਰ ਆਪਰੇਸ਼ਨ ਪਰਹਾਰ ਰਾਹੀਂ ਮਾਓਵਾਦੀਆਂ, ਆਦਿਵਾਸੀਆਂ ਨੂੰ ਸੁਰੱਖਿਆ ਫੋਰਸਾਂ ਵੱਲੋਂ ਗੋਲੀਆਂ ਦਾ ਨਿਸ਼ਾਨਾ ਬਣਾਉਣ, ਉਨ੍ਹਾਂ ਨੂੰ ਜੰਗਲਾਂ ਤੇ ਪਹਾੜਾਂ ਤੋਂ ਉਜਾੜਨ ਆਦਿ ਦੀਆਂ ਮੁਹਿੰਮਾਂ ਉੱਤੇ ਵੀ ਚਿੰਤਾ ਪ੍ਰਗਟ ਕਰਦਿਆਂ ਇਸ ਵਿਰੁੱਧ ਆਵਾਜ਼ ਬੁਲੰਦ ਕਰਨ ਦਾ ਮਤਾ ਸਰਬਸੰਮਤੀ ਨਾਲ ਪਾਸ ਕੀਤਾ।



ਜਨਤਕ ਜਮਹੂਰੀ ਜਥੇਬੰਦੀਆਂ ਮਿਲਕੇ ਮਨੁੱਖੀ ਅਤੇ ਜਮਹੂਰੀ ਅਧਿਕਾਰਾਂ ਦੀ ਰਾਖੀ ਲਈ ਹਕੂਮਤ ਵੱਲੋਂ ਕੀਤੇ ਜਾ ਰਹੇ ਹਮਲਿਆਂ ਦੇ ਵਿਰੋਧ ਕਰਨ ਲਈ ਪੰਜਾਬ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਮੁਹਿੰਮ ਚਲਾਉਣਗੀਆਂ। ਮਹਿੰਮ ਦੀ ਤਿਆਰੀ ਲਈ ਜਿਲ੍ਹਾ ਪੱਧਰ ਉੱਤੇ 10 ਦਸੰਬਰ ਦੇ ਪ੍ਰੋਗਰਾਮਾਂ ਦੀ ਆਪਣੇ ਆਪਣੇ ਢੰਗ ਨਾਲ ਵਿਉਂਤਬੰਦੀ ਕਰਨ ਲਈ 25 ਨਵੰਬਰ ਨੂੰ ਸਾਂਝੀਆਂ ਮੀਟਿੰਗਾਂ ਕੀਤੀਆਂ ਜਾਣਗੀਆ। ਮੀਟਿੰਗ ਨੇ ਫ਼ਲਤਸੀਨੀ ਲੋਕਾਂ ਦੀ ਕੀਤੀ ਜਾ ਨਸਲਕੁਸ਼ੀ ਦਾ ਵਿਰੋਧ ਕਰਨ, ਮਾਰੂਤੀ ਸਾਜ਼ੂਕੀ ਕਾਮਿਆਂ ਦੇ ਜਥੇਬੰਦ ਹੋਣ ਅਧਿਕਾਰ ਉਪਰ ਹਮਲੇ ਬੰਦ ਕਰਨ, ਗ੍ਰਿਫ਼ਤਾਰ ਬੁੱਧੀਜੀਵੀਆਂ ਨੂੰ ਰਿਹਾ ਕਰਨ, ਯੂਏਪੀਏ ਤੇ ਹੋਰ ਕਾਲੇ ਕਾਨੂੰਨ ਰੱਦ ਕਰਨ ਅਤੇ ਇਹਨਾਂ ਤਹਿਤ ਗ੍ਰਿਫ਼ਤਾਰ ਕੀਤੇ ਸਾਰੇ ਵਿਅਕਤੀਆਂ ਨੂੰ ਰਿਹਾ ਕਰਨ ਅਤੇ ਸਜ਼ਾ ਪੂਰੀ ਕਰ ਕੈਦੀਆਂ ਨੂੰ ਰਿਹਾ ਕਰਨ ਦੀ ਮੰਗ ਕੀਤੀ।

ਇਸ ਵਿੱਚ ਜਮੂਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸੁਸਾਇਟੀ ਸੁਸਾਇਟੀ ਪੰਜਾਬ, ਕੇਂਦਰੀ ਪੰਜਾਬੀ ਲਿਖਾਰੀ ਸਭਾ ਸੇਖੋਂ, ਪੰਜਾਬ ਲੋਕ ਸੱਭਿਆਚਾਰਕ ਮੰਚ, ਮੈਡੀਕਲ ਪ੍ਰੈਟੀਸ਼ਨਰ ਐਸੋਸੀਏਸ਼ਨ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਮਜ਼ਦੂਰ ਮੁਕਤੀ ਮੋਰਚਾ, ਪੰਜਾਬ ਖੇਤ ਮਜ਼ਦੂਰ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਪੇਂਡੂ ਮਜ਼ਦੂਰ ਯੂਨੀਅਨ। (ਮਸ਼ਾਲ), ਦਲਿਤ ਤੇ ਮਜ਼ਦੂਰ ਮੁਕਤੀ ਮੋਰਚਾ, ਮੋਲਡਰ ਅਤੇ ਸਟੀਲ ਵਰਕਜ ਯੂਨੀਅਨ, ਟੈਕਨੀਕਲ ਐਂਡ ਮਕੈਨੀਕਲ ਵਰਕਰ ਯੂਨੀਅਨ ਪੰਜਾਬ, ਮੋਲਡਰ ਐਂਡ ਸਟੀਲ ਵਰਕਰ ਯੂਨੀਅਨ, ਟੈਕਨੀਕਲ ਸਰਵਿਸ ਯੂਨੀਅਨ (ਭੰਗਲ), ਕਾਰਖ਼ਾਨਾ ਮਜ਼ਦੂਰ ਯੂਨੀਅਨ, ਹੌਜਰੀ ਐਂਡ ਟੈਕਸਟਾਈਲ ਕਾਮਗਾਰ ਯੂਨੀਅਨ, ਭਾਕਿਯੂ ਏਕਤਾ ਉਗਰਾਹਾਂ, ਭਾਕਿਯੂ ਏਕਤਾ ਡਕੌਂਦਾ ਧਨੇਰ, ਕਿਰਤੀ ਕਿਸਾਨ ਯੂਨੀਅਨ, ਜਮਹੂਰੀ ਕਿਸਾਨ ਸਭਾ, ਕ੍ਰਾਤੀਕਾਰੀ ਕਿਸਾਨ ਯੂਨੀਅਨ, ਪੰਜਾਬ ਕਿਸਾਨ ਯੂਨੀਅਨ, ਪੀਐੱਸਯੂ ਸ਼ਹੀਦ ਰੰਧਾਵਾ, ਪੰਜਾਬ ਸਟੂਡੈਂਟਸ ਯੂਨੀਅਨ, ਆਲ ਇੰਡੀਆ ਸਟੂਡੈਂਟ ਐਸੋਸੀਏਸ਼ਨ, ਪੀਐਸਯੂ (ਲਲਕਾਰ), ਪੈਨਸ਼ਨਰ ਐਸੋਸੀਏਸ਼ਨ (ਪੀਐਸਪੀਸੀਐਲ), ਪੰਜਾਬ ਸਬੋਰਡੀਨੇਟ ਸਰਵਿਸ ਫੈਡਰੇਸ਼ਨ 1406/22-ਬੀ ਚੰਡੀਗੜ੍ਹ, ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ, ਨੌਜਵਾਨ ਭਾਰਤ ਸਭਾ, ਨੌਜਵਾਨ ਭਾਰਤ ਸਭਾ (ਅਸ਼ਵਨੀ ਘੁੱਦਾ), ਨੌਜਵਾਨ ਭਾਰਤ ਸਭਾ (ਲਲਕਾਰ) ਸ਼ਾਮਲ ਹੋਈਆਂ ਅਤੇ ਕ੍ਰਾਂਤੀਕਾਰੀ ਸੱਭਿਆਚਾਰਕ ਮੰਚ ਨੇ ਪ੍ਰੋਗਰਾਮ ਨਾਲ ਸਹਿਮਤੀ ਪ੍ਰਗਟ ਕੀਤੀ।

# ਕਾਂਗਰਸੀ ਲੀਡਰ ਦੀ ਅਸ਼ਲੀਲ ਵੀਡੀਓ ਵਾਇਰਲ, ਪਾਰਟੀ ਨੇ ਲਿਆ ਸਖ਼ਤ ਐਕਸ਼ਨ



, (ਲੋਕ ਬਾਣੀ)

ਨੇਤਾਵਾਂ ਦੇ ਸੈਕਸ ਸਕੈਂਡਲਾਂ ਦਾ ਪਰਦਾਫਾਸ਼ ਅਕਸਰ ਸੱਤਾ ਦੇ ਗਲਿਆਰਿਆਂ ਵਿੱਚ ਖਲਬਲੀ ਮਚਾ ਦਿੰਦਾ ਹੈ। ਅਜਿਹਾ ਹੀ ਕੁਝ ਉੱਤਰ ਪ੍ਰਦੇਸ਼ ਦੀ ਰਾਜਨੀਤੀ ਵਿੱਚ ਦੇਖਣ ਨੂੰ ਮਿਲ ਰਿਹਾ ਹੈ।

ਕਾਂਗਰਸ ਦੇ ਬਾਗਪਤ ਜ਼ਿਲ੍ਹਾ ਪ੍ਰਧਾਨ ਮੁਹੰਮਦ ਯੂਨਸ ਚੌਧਰੀ ਦਾ ਇੱਕ ਅਸ਼ਲੀਲ ਵੀਡੀਓ ਸੋਸ਼ਲ ਮੀਡੀਆ ‘ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਹਾਲਾਂਕਿ ਮੁਹੰਮਦ ਯੂਨਸ ਦਾ ਦਾਅਵਾ ਹੈ ਕਿ ਇਹ ਝੂਠੀ ਸਾਜ਼ਿਸ਼ ਉਸ ਨੂੰ ਫਸਾਉਣ ਲਈ ਰਚੀ ਗਈ ਹੈ। ਇਹ ਵੀਡੀਓ ਫਰਜ਼ੀ ਹੈ। ਪਰ ਵੀਡੀਓ ਸਾਹਮਣੇ ਆਉਂਦੇ ਹੀ ਕਾਂਗਰਸ ਨੇ ਉਨ੍ਹਾਂ ਨੂੰ ਅਹੁਦੇ ਤੋਂ ਬਰਖਾਸਤ ਕਰ ਦਿੱਤਾ। ਪੀਟੀਆਈ ਦੀ ਰਿਪੋਰਟ ਮੁਤਾਬਕ ਵਾਇਰਲ ਵੀਡੀਓ ਵਿੱਚ ਮੁਹੰਮਦ ਯੂਨਸ ਇੱਕ ਲੜਕੀ ਨੂੰ ਵਰਗਲਾ ਕੇ ਅਸ਼ਲੀਲ ਹਰਕਤਾਂ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਲੜਕੀ ਵਾਰ-ਵਾਰ ਉਸਨੂੰ ਕਹਿ ਰਹੀ ਹੈ ਕਿ ਉਸਦੀ ਮਾਂ ਆਵੇਗੀ, ਇਹ ਗਲਤ ਹੈ, ਕਿਰਪਾ ਕਰਕੇ ਅਜਿਹਾ ਨਾ ਕਰੋ। ਪਰ ਮੁਹੰਮਦ ਯੂਨਸ ਉਸ ਦੀ ਗੱਲ ਨਹੀਂ ਸੁਣਦਾ। ਉਹ ਲੜਕੀ ਨੂੰ ਵਾਰ-ਵਾਰ ਕਹਿੰਦਾ ਹੈ ਕਿ ਇਹ ਆਖਰੀ ਵਾਰ ਹੈ। ਹਾਲਾਂਕਿ ਇਹ ਵਾਇਰਲ ਵੀਡੀਓ ਕਿਸ ਹੱਦ ਤੱਕ ਸੱਚ ਹੈ, ਇਸ ਦੀ ਪੁਸ਼ਟੀ ਨਹੀਂ ਹੋ ਸਕੀ ਹੈ।

# ਫਰੀਦਕੋਟ ਚ ਧਾਰਮਿਕ ਮਰਿਆਦਾ ਦੀ ਉਲੰਘਣਾ ਕਰਨ ਦੀ ਘਟਨਾ ਆਈ ਸਾਹਮਣੇ, ਮਾਨਸਿਕ ਤੌਰ ਤੇ ਬਿਮਾਰ ਨੌਜਵਾਨ ਗਿ੍ਫ਼ਤਾਰ

ਫਰੀਦਕੋਟ-(ਲੋਕ ਬਾਣੀ) ਪੰਜਾਬ ਦੇ ਫਰੀਦਕੋਟ ਦੇ ਸਾਦਿਕ ਥਾਣੇ ਅਧੀਨ ਪੈਂਦੇ ਪਿੰਡ ਜਨੇਰੀਆ ਵਿੱਚ ਗੁਟਕਾ ਸਾਹਿਬ ਸਬੰਧੀ ਧਾਰਮਿਕ ਮਰਿਆਦਾ ਦੀ ਉਲੰਘਣਾ ਦੀ ਘਟਨਾ ਸਾਹਮਣੇ ਆਈ ਹੈ। ਇਸ ਘਟਨਾ ਦੀ ਸੂਚਨਾ ਮਿਲਣ ਤੇ ਪੁਲਿਸ ਨੇ ਗੁਟਕਾ ਸਾਹਿਬ ਨੂੰ ਕਬਜ਼ੇ ਚ ਲੈ ਲਿਆ ਅਤੇ ਇੱਕ ਨੌਜਵਾਨ ਨੂੰ ਕਾਬੂ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਨੌਜਵਾਨ ਇਸੇ ਪਿੰਡ ਦਾ ਰਹਿਣ ਵਾਲਾ ਹੈ ਜੋ ਨਸ਼ੇ ਦਾ ਆਦੀ ਹੈ ਅਤੇ ਮਾਨਸਿਕ ਤੌਰ ਤੇ ਵੀ ਬੀਮਾਰ ਹੈ। ਘਟਨਾ ਦੀ ਸੂਚਨਾ ਥਾਣਾ ਸਾਦਿਕ ਦੀ ਪੁਲਸ ਨੂੰ ਮਿਲੀ, ਜਿਸ ਤੋਂ ਬਾਅਦ ਤੁਰੰਤ ਪੁਲਸ ਅਤੇ ਸਿੱਖ ਜਥੇਬੰਦੀਆਂ ਦੇ ਅਧਿਕਾਰੀ ਮੌਕੇ ਤੇ ਪਹੁੰਚ ਗਏ, ਜਿੱਥੇ ਉਨ੍ਹਾਂ ਨੇ ਪਹਿਲਾਂ ਗੁਟਕਾ ਸਾਹਿਬ ਦੀ ਸੁਰੱਖਿਆ ਲਈ ਅਤੇ ਉਕਤ ਨੌਜਵਾਨ ਨੂੰ ਗ੍ਰਿਫਤਾਰ ਵੀ ਕੀਤਾ।



ਇਸ ਮਾਮਲੇ ਵਿੱਚ ਜ਼ਿਲ੍ਹਾ ਐਸਪੀ ਜਸਮੀਤ ਸਿੰਘ ਨੇ ਦੱਸਿਆ ਕਿ ਭਾਵੇਂ ਪੁਲੀਸ ਨੂੰ ਗੁਟਕਾ ਸਾਹਿਬ ਦੀ ਬੇਅਦਬੀ ਹੋਣ ਦੀ ਸੂਚਨਾ ਮਿਲੀ ਸੀ ਪਰ ਜਦੋਂ ਉਹ ਮੌਕੇ ’ਤੇ ਪੁੱਜੇ ਤਾਂ ਅਜਿਹੀ ਕੋਈ ਗੱਲ ਸਾਹਮਣੇ ਨਹੀਂ ਆਈ ਪਰ ਗੁਟਕਾ ਸਾਹਿਬ ਦੀ ਸਾਂਭ ਸੰਭਾਲ ਸਬੰਧੀ ਧਾਰਮਿਕ ਮਰਿਆਦਾ ਦੀ ਪਾਲਣਾ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਪੁਲੀਸ ਵੱਲੋਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਹਰ ਪਹਿਲੂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਇਸ ਮਾਮਲੇ ਵਿੱਚ ਪੁਲੀਸ ਦੀ ਕਾਰਵਾਈ ’ਤੇ ਤਸੱਲੀ ਪ੍ਰਗਟਾਈ ਹੈ। ਨਾਲ ਹੀ ਮੰਗ ਕੀਤੀ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ ਅਤੇ ਕਿਸੇ ਬੇਕਸੂਰ ਨੂੰ ਸਜ਼ਾ ਨਹੀਂ ਮਿਲਣੀ ਚਾਹੀਦੀ।

# ਨਰਸਿੰਗ ਵਿਦਿਆਰਥਣ ਨਾਲ ਰਾਤ ਦੀ ਸ਼ਿਫਟ ਦੌਰਾਨ ਹਸਪਤਾਲ ‘ਚ ਬਲਾਤਕਾਰ

ਕਾਨਪੁਰ (ਲੋਕ ਬਾਣੀ)



ਕਾਨਪੁਰ ਦੇ ਨਿੱਜੀ ਹਸਪਤਾਲ ਦੇ ਸੰਚਾਲਕ ‘ਤੇ ਨਰਸਿੰਗ ਦੀ ਵਿਦਿਆਰਥਣ ਨਾਲ ਬਲਾਤਕਾਰ ਕਰਨ ਅਤੇ ਫਿਰ ਉਸ ਨੂੰ ਜਾਨੋਂ ਮਾਰਨ ਦੀ ਧਮਕੀ ਦੇਣ ਦਾ ਦੋਸ਼ ਹੈ। ਪੀੜਤਾ ਦੀ ਸ਼ਿਕਾਇਤ ‘ਤੇ ਪੁਲਿਸ ਨੇ ਮਾਮਲਾ ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ।

ਨਰਸਿੰਗ ਦੇ ਦੂਜੇ ਸਾਲ ਦੀ ਵਿਦਿਆਰਥਣ ਪਿਛਲੇ ਦੋ ਮਹੀਨਿਆਂ ਤੋਂ ਇੱਕ ਨਿੱਜੀ ਹਸਪਤਾਲ ਵਿੱਚ ਸਿਖਲਾਈ ਲੈ ਰਹੀ ਸੀ। ਇਲਜ਼ਾਮ ਹੈ ਕਿ ਸੰਚਾਲਕ ਨੇ ਇੱਕ ਸਾਜ਼ਿਸ਼ ਦੇ ਤਹਿਤ ਵਿਦਿਆਰਥਣ ਨੂੰ ਰਾਤ ਦੀ ਸ਼ਿਫਟ ਵਿੱਚ ਕੰਮ ਕਰਵਾਇਆ।

ਐਤਵਾਰ ਨੂੰ ਜਦੋਂ ਲੜਕੀ ਸ਼ਿਫਟ ‘ਚ ਡਿਊਟੀ ਲਈ ਪਹੁੰਚੀ ਤਾਂ ਸੰਚਾਲਕ ਨੇ ਕੋਲਡ ਡਰਿੰਕ ‘ਚ ਨਸ਼ੀਲਾ ਪਦਾਰਥ ਮਿਲਾ ਕੇ ਉਸ ਨੂੰ ਪਿਲਾ ਦਿੱਤਾ। ਰੈਸਟ ਰੂਮ ਵਿੱਚ ਉਸ ਨਾਲ ਬਲਾਤਕਾਰ ਕੀਤਾ ਗਿਆ ਜਦੋਂ ਉਹ ਬੇਹੋਸ਼ ਸੀ।ਸੋਮਵਾਰ ਸਵੇਰੇ ਜਦੋਂ ਵਿਦਿਆਰਥਣ ਨੇ ਇਸ ਦਾ ਵਿਰੋਧ ਕੀਤਾ ਤਾਂ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਇਸ ਤੋਂ ਬਾਅਦ ਵਿਦਿਆਰਥਣ ਨੇ ਪੁਲਸ ਕੋਲ ਪਹੁੰਚ ਕੇ ਆਪਣੀ ਹੱਡਬੀਤੀ ਦੱਸੀ। ਮਾਮਲੇ ‘ਚ ਕਾਰਵਾਈ ਕਰਦੇ ਹੋਏ ਪੁਲਸ ਨੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਅਤੇ ਪੀੜਤਾ ਦਾ ਮੈਡੀਕਲ ਕਰਵਾਇਆ।

ਏਸੀਪੀ ਕਲਿਆਣਪੁਰ ਅਭਿਸ਼ੇਕ ਕੁਮਾਰ ਪਾਂਡੇ ਨੇ ਦੱਸਿਆ ਕਿ ਸ਼ਿਕਾਇਤ ਦੇ ਆਧਾਰ ’ਤੇ ਰਿਪੋਰਟ ਦਰਜ ਕਰਕੇ ਮੁਲਜ਼ਮ ਹਸਪਤਾਲ ਸੰਚਾਲਕ ਨੂੰ ਗ੍ਰਿ੍ਫ਼ਤਾਰ ਕਰ ਲਿਆ ਗਿਆ ਹੈ। ਵਿਦਿਆਰਥਣ ਦੀ ਮੈਡੀਕਲ ਜਾਂਚ ਕੀਤੀ ਗਈ ਹੈ। ਰਿਪੋਰਟ ਦੇ ਆਧਾਰ ‘ਤੇ ਅਗਲੀ ਕਾਰਵਾਈ ਕੀਤੀ ਜਾਵੇਗੀ।

# ਬੇਅਦਬੀਆਂ ਰੋਕਣ ਲਈ ਕਾਨੂੰਨ ਬਣਾਉਣ ਦੀ ਮੰਗ ਲੈ ਕੇ ਟਾਵਰ ’ਤੇ ਚੜ੍ਹੇ ਨੌਜਵਾਨ ਦਾ ਮਾਮਲਾ

ਅੰਮ੍ਰਿਤਸਰ, (ਲੋਕ ਬਾਣੀ) ਬੇਅਦਬੀਆਂ ਦੇ ਮਾਮਲਿਆਂ ਵਿਚ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਲਈ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਪਿਛਲੇ 26 ਦਿਨਾਂ ਤੋਂ ਟਾਵਰ ’ਤੇ ਚੜ੍ਹੇ ਸਿੱਖ ਨੌਜਵਾਨ ਗੁਰਜੀਤ ਸਿੰਘ ਖ਼ਾਲਸਾ ਦੀ ਮੰਗ ਦੀ ਹਮਾਇਤ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਕਿਹਾ ਕਿ ਸਰਕਾਰਾਂ ਨੂੰ ਇਸ ਪ੍ਰਤੀ ਗੰਭੀਰਤਾ ਦਿਖਾਉਣੀ ਚਾਹੀਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਦਾ ਮਾਮਲਾ ਬੇਹੱਦ ਸੰਜੀਦਾ ਹੈ ਅਤੇ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਹੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਯਤਨਸ਼ੀਲ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਵੀ ਕਈ ਵਾਰ ਮਤੇ ਪਾਸ ਕਰਕੇ ਬੇਅਦਬੀਆਂ ਦੇ ਮਾਮਲੇ ਵਿਚ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਕਾਨੂੰਨ ਪਾਸ ਕਰਨ ਵਾਸਤੇ ਸਰਕਾਰਾਂ ਨੂੰ ਲਿਖਿਆ ਗਿਆ ਹੈ, ਪ੍ਰੰਤੂ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਵੱਲੋਂ ਬੇਹੱਦ ਸੰਜੀਦਾ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ।



ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਮਾਮਲੇ ਵਿਚ ਫੜ੍ਹੇ ਗਏ ਦੋਸ਼ੀ ਅਕਸਰ ਹੀ ਸਖ਼ਤ ਕਾਨੂੰਨ ਦੀ ਘਾਟ ਕਾਰਨ ਜਲਦ ਛੁੱਟ ਜਾਂਦੇ ਹਨ, ਜਿਸ ਨਾਲ ਸੰਗਤਾਂ ਦੀਆਂ ਭਾਵਨਾਵਾਂ ਆਹਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਨੌਜੁਆਨ ਦੇ ਸੰਘਰਸ਼ ਦੀ ਹਮਾਇਤ ਕਰਦੀ ਹੈ। ਇਸ ਸਬੰਧ ਵਿਚ ਅੱਜ ਸ਼੍ਰੋਮਣੀ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ ਨੇ ਸਗੁਰਜੀਤ ਸਿੰਘ ਖ਼ਾਲਸਾ ਦੇ ਸੰਘਰਸ਼ ਵਿਚ ਸ਼ਾਮਲ ਹੋ ਕੇ ਸ਼੍ਰੋਮਣੀ ਕਮੇਟੀ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦੀ ਵਚਨਬੱਧਤਾ ਪ੍ਰਗਟਾਈ ਹੈ। ਐਡਵੋਕੇਟ ਧਾਮੀ ਨੇ ਸਰਕਾਰਾਂ ਨੂੰ ਇਸ ਗੰਭੀਰ ਮਾਮਲੇ ਪ੍ਰਤੀ ਸੰਜੀਦਾ ਹੋਣ ਅਤੇ ਸਿੱਖ ਭਾਵਨਾਵਾਂ ਦੇ ਮੱਦੇਨਜ਼ਰ ਸਖ਼ਤ ਕਾਨੂੰਨ ਬਣਾਉਣ ਲਈ ਵੀ ਆਖਿਆ।

# ਪੰਜਾਬ ਪੁਲਿਸ ਵੱਲੋਂ ਸ਼ਿਵ ਸੈਨਾ ਆਗੂਆਂ ਤੇ ਪੈਟਰੋਲ ਬੰਬ ਹਮਲਿਆਂ ਚ ਸ਼ਾਮਲ ਚਾਰ ਵਿਅਕਤੀ ਗ੍ਰਿਫ਼ਤਾਰ, ਬੀਕੇਆਈ ਹਮਾਇਤ ਪ੍ਰਾਪਤ ਵਿਦੇਸ਼ੀ ਹੈਂਡਲਰ ਸਨ ਮਾਸਟਰਮਾਈਂਡ

ਚੰਡੀਗੜ੍ਹ/ਲੁਧਿਆਣਾ, (ਲੋਕ ਬਾਣੀ): ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਹੋਰ ਵੱਡੀ ਸਫਲਤਾ ਪ੍ਰਾਪਤ ਕਰਦਿਆਂ ਪੰਜਾਬ ਕਾਊਂਟਰ ਇੰਟੈਲੀਜੈਂਸ ਅਤੇ ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਹਮਾਇਤ ਪ੍ਰਾਪਤ ਵਿਦੇਸ਼ੀ ਮੂਲ ਦੇ ਹਰਜੀਤ ਸਿੰਘ ਉਰਫ਼ ਲਾਡੀ ਅਤੇ ਸਾਬੀ ਦੁਆਰਾ ਚਲਾਏ ਜਾ ਰਹੇ ਮਾਡਿਊਲ ਦੇ ਚਾਰ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਸ਼ਿਵ ਸੈਨਾ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਪੈਟਰੋਲ ਬੰਬ ਹਮਲਿਆਂ ਦੇ ਕੇਸ ਨੂੰ ਸੁਲਝਾ ਲਿਆ ਹੈ।



ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਜਸਵਿੰਦਰ ਸਿੰਘ ਉਰਫ਼ ਬਿੰਦਰ ਵਾਸੀ ਬੂਥਗੜ੍ਹ ਜ਼ਿਲ੍ਹਾ ਲੁਧਿਆਣਾ, ਰਵਿੰਦਰ ਪਾਲ ਸਿੰਘ ਉਰਫ਼ ਰਵੀ (38), ਮਨੀਸ਼ ਸਾਹਿਦ ਉਰਫ਼ ਸੰਜੂ (30) ਅਤੇ ਅਨਿਲ ਕੁਮਾਰ ਉਰਫ਼ ਹਨੀ (27) ਤਿੰਨੋਂ ਵਾਸੀ ਰਾਹੋਂ ਜ਼ਿਲ੍ਹਾ ਨਵਾਂਸ਼ਹਿਰ ਵਜੋਂ ਹੋਈ ਹੈ। ਉਹਨਾਂ ਅੱਗੇ ਦੱਸਿਆ ਕਿ ਪੁਲਿਸ ਟੀਮਾਂ ਨੇ ਅਪਰਾਧ ਕਰਨ ਲਈ ਵਰਤਿਆ ਗਿਆ ਲਾਲ ਰੰਗ ਦਾ ਟੀਵੀਐਸ ਰੇਡਰ ਮੋਟਰਸਾਈਕਲ (ਪੀਬੀ 32 ਏਸੀ 3770) ਜ਼ਬਤ ਕੀਤਾ ਹੈ ਅਤੇ ਦੋ ਮੋਬਾਈਲ ਫੋਨ ਵੀ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਆਪਣੇ ਐਕਸ ਹੈਂਡਲ (ਪਹਿਲਾਂ ਟਵਿੱਟਰ) ਤੇ ਇੱਕ ਪੋਸਟ ਜ਼ਰੀਏ ਦੱਸਿਆ ਕਿ ਇਸ ਆਪ੍ਰੇਸ਼ਨ ਨਾਲ 16 ਅਕਤੂਬਰ, 2024 ਨੂੰ ਯੋਗੇਸ਼ ਬਖਸ਼ੀ ਦੀ ਰਿਹਾਇਸ਼ ਤੇ ਹਮਲਾ ਅਤੇ ਹਾਲ ਹੀ ਵਿੱਚ 2 ਨਵੰਬਰ, 2024 ਨੂੰ ਮਾਡਲ ਟਾਊਨ ਐਕਸਟੈਨਸ਼ਨ, ਲੁਧਿਆਣਾ ਵਿੱਚ ਹਰਕੀਰਤ ਸਿੰਘ ਖੁਰਾਣਾ ਦੇ ਘਰ ਤੇ ਹਮਲੇ ਸਬੰਧੀ ਘਟਨਾ ਸਮੇਤ ਸ਼ਿਵ ਸੈਨਾ ਆਗੂਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਪੈਟਰੋਲ ਬੰਬ ਦੀਆਂ ਦੋਵੇਂ ਘਟਨਾਵਾਂ ਨੂੰ ਸਫਲਤਾਪੂਰਵਕ ਹੱਲ ਕਰ ਲਿਆ ਗਿਆ ਹੈ।

ਦੱਸਣਯੋਗ ਹੈ ਕਿ 16 ਅਕਤੂਬਰ ਦੀ ਰਾਤ ਕਰੀਬ 9.40 ਵਜੇ ਹੈਬੋਵਾਲ, ਲੁਧਿਆਣਾ ਦੇ ਨਿਊ ਚੰਦਰ ਨਗਰ ਵਿਖੇ ਸਥਿਤ ਸ਼ਿਵ ਸੈਨਾ ਆਗੂ ਯੋਗੇਸ਼ ਬਖਸ਼ੀ ਦੇ ਘਰ ਤੇ ਤਿੰਨ ਅਣਪਛਾਤੇ ਵਿਅਕਤੀਆਂ ਨੇ ਪੈਟਰੋਲ ਬੰਬ ਸੁੱਟਿਆ ਸੀ। ਇਸ ਘਟਨਾ ਤੋਂ ਕਰੀਬ ਪੰਦਰਾਂ ਦਿਨਾਂ ਬਾਅਦ ਸ਼ਨੀਵਾਰ ਦੀ ਰਾਤ ਨੂੰ ਮਾਡਲ ਟਾਊਨ ਐਕਸਟੈਂਸ਼ਨ ਸਥਿਤ ਸ਼ਿਵ ਸੈਨਾ ਆਗੂ ਹਰਕੀਰਤ ਸਿੰਘ ਦੇ ਘਰ ਤੇ ਵੀ ਇਸੇ ਤਰ੍ਹਾਂ ਦਾ ਪੈਟਰੋਲ ਬੰਬ ਹਮਲਾ ਹੋਇਆ।

ਡੀਜੀਪੀ ਨੇ ਕਿਹਾ ਕਿ ਵਿਦੇਸ਼ੀ ਹੈਂਡਲਰ ਹਰਜੀਤ ਸਿੰਘ ਉਰਫ਼ ਲਾਡੀ ਪੰਜਾਬ ਦੇ ਨੰਗਲ ਵਿੱਚ ਵਿਕਾਸ ਪ੍ਰਭਾਕਰ ਦੇ ਕਤਲ ਵਿੱਚ ਵੀ ਲੋੜੀਂਦਾ ਮੁਲਜ਼ਮ ਹੈ ਅਤੇ ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਵੱਲੋਂ ਉਸ ‘ਤੇ 10 ਲੱਖ ਰੁਪਏ ਦਾ ਇਨਾਮ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਅਗਲੇ ਅਤੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਆਗਾਮੀ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਹੋਣ ਦੀ ਉਮੀਦ ਹੈ।

ਮੀਡੀਆ ਨਾਲ ਗੱਲਬਾਤ ਦੌਰਾਨ ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਲੁਧਿਆਣਾ ਦੇ ਪੁਲਿਸ ਕਮਿਸ਼ਨਰ (ਸੀ.ਪੀ.) ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਦੋਵਾਂ ਮਾਮਲਿਆਂ ਨੂੰ ਟਰੇਸ ਕਰਨ ਲਈ ਤੁਰੰਤ ਕਾਰਵਾਈ ਕਰਦਿਆਂ ਡੀ.ਸੀ.ਪੀ. ਇਨਵੈਸਟੀਗੇਸ਼ਨ ਸ਼ੁਭਮ ਅਗਰਵਾਲ ਦੀ ਨਿਗਰਾਨੀ ਹੇਠ ਲੁਧਿਆਣਾ ਕਮਿਸ਼ਨਰੇਟ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਦੀਆਂ ਵੱਖ-ਵੱਖ ਟੀਮਾਂ ਬਣਾਈਆਂ ਗਈਆਂ। ਉਹਨਾਂ ਅੱਗੇ ਦੱਸਿਆ ਕਿ ਸੀਆਈ ਟੀਮ ਦੀ ਅਗਵਾਈ ਏਆਈਜੀ ਸਿਮਰਤਪਾਲ ਸਿੰਘ ਢੀਂਡਸਾ ਕਰ ਰਹੇ ਸਨ, ਜਦਕਿ ਏਡੀਸੀਪੀ ਇਨਵੈਸਟੀਗੇਸ਼ਨ ਲੁਧਿਆਣਾ ਅਮਨਦੀਪ ਸਿੰਘ ਬਰਾੜ, ਏਡੀਸੀਪੀ ਜ਼ੋਨ-3 ਲੁਧਿਆਣਾ ਰਮਨਦੀਪ ਸਿੰਘ ਭੁੱਲਰ, ਏਸੀਪੀ ਸਿਵਲ ਲਾਈਨ ਲੁਧਿਆਣਾ ਆਕਰਸ਼ੀ ਜੈਨ ਅਤੇ ਏਸੀਪੀ ਵੈਸਟ ਲੁਧਿਆਣਾ ਗੁਰਦੇਵ ਸਿੰਘ ਵੱਖ-ਵੱਖ ਟੀਮਾਂ ਦੀ ਅਗਵਾਈ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਸੀ.ਸੀ.ਟੀ.ਵੀ. ਫੁਟੇਜ ਅਤੇ ਹੋਰ ਇਕੱਠੇ ਕੀਤੇ ਤਕਨੀਕੀ ਸਬੂਤਾਂ ਦੇ ਨਾਲ-ਨਾਲ ਬਾਰੀਕੀ ਨਾਲ ਕੀਤੀ ਗਈ ਜਾਂਚ ਸਦਕਾ ਦੋਵਾਂ ਅਪਰਾਧਾਂ ਨੂੰ ਅੰਜਾਮ ਦੇਣ ਵਾਲੇ ਬੀਕੇਆਈ ਮਾਡਿਊਲ ਦੇ ਚਾਰ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਗਿਆ।

ਸੀਪੀ ਨੇ ਦੱਸਿਆ ਕਿ ਪੁਲੀਸ ਟੀਮਾਂ ਨੇ ਮੁਲਜ਼ਮਾਂ ਵੱਲੋਂ ਦੋਵਾਂ ਅਪਰਾਧਾਂ ਵਿੱਚ ਵਰਤਿਆ ਗਿਆ ਲਾਲ ਰੰਗ ਦਾ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਅਨਿਲ ਉਰਫ ਹਨੀ ਅਤੇ ਰਵਿੰਦਰ ਉਰਫ ਰਵੀ ਦੋਵੇਂ ਵਾਰਦਾਤਾਂ ਨੂੰ ਅੰਜਾਮ ਦੇਣ ਵਿੱਚ ਸ਼ਾਮਲ ਪਾਏ ਗਏ, ਜਦੋਂਕਿ ਗ੍ਰਿਫਤਾਰ ਮੁਲਜ਼ਮ ਜਸਵਿੰਦਰ ਉਰਫ ਬਿੰਦਰ ਹੈਬੋਵਾਲ ਚ ਹੋਈ ਘਟਨਾ ਵਿੱਚ ਉਹਨਾਂ ਦੇ ਨਾਲ ਸੀ। ਸੀਪੀ ਨੇ ਕਿਹਾ ਕਿ ਉਹਨਾਂ ਨੇ ਮਾਡਲ ਟਾਊਨ ਐਕਸਟੈਂਸ਼ਨ ਦੇ ਹੋਏ ਪੈਟਰੋਲ ਬੰਬ ਸੁੱਟਣ ਵਿੱਚ ਸ਼ਾਮਲ ਤੀਜੇ ਵਿਅਕਤੀ ਦੀ ਵੀ ਪਛਾਣ ਕਰ ਲਈ ਹੈ ਅਤੇ ਪੁਲਿਸ ਟੀਮਾਂ ਉਸਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।

ਜ਼ਿਕਰਯੋਗ ਹੈ ਕਿ ਇਸ ਸਬੰਧੀ ਦੋ ਵੱਖ-ਵੱਖ ਮੁਕੱਦਮੇ ਦਰਜ ਕੀਤੇ ਗਏ ਹਨ, ਜਿਹਨਾਂ ਵਿੱਚ ਥਾਣਾ ਹੈਬੋਵਾਲ, ਲੁਧਿਆਣਾ ਵਿਖੇ ਐਫ.ਆਈ.ਆਰ. ਨੰਬਰ 147 ਮਿਤੀ 21-10-2024 ਅਧੀਨ ਧਾਰਾ 125, 285, 324 ਬੀ.ਐਨ.ਐਸ. ਅਤੇ ਬਾਅਦ ਵਿੱਚ ਧਾਰਾ 113(2) ਬੀ.ਐਨ.ਐਸ. ਜੋੜੀ ਗਈ ਹੈ। ਇਸੇ ਤਰ੍ਹਾਂ ਥਾਣਾ ਮਾਡਲ ਟਾਊਨ, ਲੁਧਿਆਣਾ ਵਿਖੇ ਐਫ.ਆਈ.ਆਰ ਨੰਬਰ 14 ਮਿਤੀ 02-11-20 2024 ਅਧੀਨ ਧਾਰਾ 125, 285, 324, 3(5) ਬੀਐਨਐਸ ਅਤੇ ਬਾਅਦ ਵਿੱਚ ਧਾਰਾ 113 (2) ਬੀਐਨਐਸ ਜੋੜੀ ਗਈ ਹੈ।

# ਜਲੰਧਰ ਈਡੀ ਨੇ ਸ਼ੁੱਧ ਦੁੱਧ ਉਤਪਾਦ ਪ੍ਰਾਈਵੇਟ ਲਿਮਿਟੇਡ ਤੇ ਕਾਰਵਾਈ: MD ਚਰਨਜੀਤ ਸਮੇਤ 4 ਖਿਲਾਫ ਮੁਕੱਦਮਾ ਦਰਜ



ਜਲੰਧਰ-(ਲੋਕ ਬਾਣੀ) ਜਲੰਧਰ, ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ 62.13 ਕਰੋੜ ਰੁਪਏ ਦੀ ਬੈਂਕ ਧੋਖਾਧੜੀ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਸ਼ੁੱਧ ਮਿਲਕ ਉਤਪਾਦ ਪ੍ਰਾਈਵੇਟ ਲਿਮਟਿਡ (ਪੀਐਮਪੀਪੀਐਲ) ਦੇ ਖਿਲਾਫ ਇੱਕ ਸਰਕਾਰੀ ਵਕੀਲ ਦੀ ਸ਼ਿਕਾਇਤ ਦਰਜ ਕਰਵਾਈ ਹੈ। ਮਨੀ ਲਾਂਡਰਿੰਗ ਮਾਮਲੇ ਵਿੱਚ ਚਰਨਜੀਤ ਸਿੰਘ ਬਜਾਜ ਸਮੇਤ ਚਾਰ ਖ਼ਿਲਾਫ਼ ਮੁਹਾਲੀ ਦੀ ਵਿਸ਼ੇਸ਼ ਅਦਾਲਤ (ਪੀਐਮਐਲਏ) ਵਿੱਚ ਇਸਤਗਾਸਾ ਦੀ ਸ਼ਿਕਾਇਤ ਦਾਇਰ ਕੀਤੀ ਗਈ ਹੈ।

ਈਡੀ ਨੇ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨਵੀਂ ਦਿੱਲੀ ਦੁਆਰਾ ਆਈਪੀਸੀ 1860 ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ 1988 ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਇੱਕ ਐਫਆਈਆਰ ਦੇ ਆਧਾਰ ਤੇ ਜਾਂਚ ਸ਼ੁਰੂ ਕੀਤੀ ਹੈ। ਈਡੀ ਦੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਪੀਐਮਪੀਪੀਐਲ ਨੇ ਉਸ ਉਦੇਸ਼ ਲਈ ਕਰਜ਼ੇ ਦੀ ਵਰਤੋਂ ਨਹੀਂ ਕੀਤੀ ਜਿਸ ਲਈ ਕਰਜ਼ਾ ਦਿੱਤਾ ਗਿਆ ਸੀ ਅਤੇ ਪੀਐਮਪੀਪੀਐਲ ਦੇ ਐਮਡੀ ਚਰਨਜੀਤ ਸਿੰਘ ਬਜਾਜ ਨੇ ਵੱਖ-ਵੱਖ ਸ਼ੈੱਲ ਸੰਸਥਾਵਾਂ ਰਾਹੀਂ ਅਪਰਾਧ ਦੀ ਕਮਾਈ ਨੂੰ ਮੋੜ ਦਿੱਤਾ। ਜਲੰਧਰ ਈਡੀ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਸ ਤੋਂ ਇਲਾਵਾ ਕੰਪਨੀ ਨੇ ਫੰਡਾਂ ਦੀ ਦੁਰਵਰਤੋਂ ਕਰਕੇ ਕਰੀਬ 37.82 ਕਰੋੜ ਰੁਪਏ ਡਾਇਵਰਟ ਕੀਤੇ। ਜਾਂਚ ਚ ਸਾਰਾ ਪੈਸਾ ਵੱਖ-ਵੱਖ ਅਦਾਰਿਆਂ ਨੂੰ ਡਾਇਵਰਟ ਕੀਤਾ ਗਿਆ। ਈਡੀ ਨੇ ਇਸ ਤੋਂ ਪਹਿਲਾਂ 11 ਵੱਖ-ਵੱਖ ਥਾਵਾਂ ਤੇ ਛਾਪੇਮਾਰੀ ਕੀਤੀ ਸੀ। ਜਿਸ ਵਿੱਚ 1.14 ਕਰੋੜ ਰੁਪਏ ਦੀ ਨਕਦੀ ਅਤੇ ਸੋਨਾ ਬਰਾਮਦ ਕੀਤਾ ਗਿਆ। ਇਸ ਤੋਂ ਪਹਿਲਾਂ ਈਡੀ ਨੇ 24.94 ਕਰੋੜ ਰੁਪਏ ਦੀ ਅਚੱਲ ਜਾਇਦਾਦ ਵੀ ਜ਼ਬਤ ਕੀਤੀ ਸੀ।

# ਹਰਿਆਣਾ ਵਿਧਾਨ ਸਭਾ ਦੇ ਸਰਦ ਰੁੱਤ ਇਜਲਾਸ ਦੀ ਤਰੀਕ ਹੋਇਆ ਐਲਾਨ, 13 ਨਵੰਬਰ ਤੋਂ ਸ਼ੁਰੂ ਹੋਵੇਗਾ ਸੈਸ਼ਨ

ਚੰਡੀਗੜ੍ਹ- ਹਰਿਆਣਾ ਵਿਧਾਨ ਸਭਾ ਦਾ ਸਰਦ ਰੁੱਤ ਸੈਸ਼ਨ 13 ਨਵੰਬਰ ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਮੁੱਖ ਮੰਤਰੀ ਨਾਇਬ ਸੈਣੀ ਨੇ ਇਸ ਸਬੰਧੀ ਰਾਜਪਾਲ ਨੂੰ ਪੱਤਰ ਲਿਖਿਆ ਸੀ। ਵਿਧਾਨ ਸਭਾ ਸਕੱਤਰ ਵੱਲੋਂ ਸਾਰੇ ਵਿਧਾਇਕਾਂ ਨੂੰ ਵਿਧਾਨ ਸਭਾ ਸੈਸ਼ਨ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ। ਦੱਸਣਯੋਗ ਹੈ ਕਿ ਇਸ ਸੈਸ਼ਨ ਚ ਕੁਝ ਬਿੱਲ ਵਿਧਾਨ ਸਭਾ ਵਿੱਚ ਪਾਸ ਵੀ ਹੋ ਸਕਦੇ ਹਨ। ਇਸ ਤੋਂ ਇਲਾਵਾ ਵਿਧਾਇਕ ਆਪਣੇ ਇਲਾਕੇ ਦਾ ਏਜੰਡਾ ਪੇਸ਼ ਕਰਨਗੇ। ਵਿਧਾਇਕਾਂ ਨੇ ਇਸ ਤੇ ਕੰਮ ਸ਼ੁਰੂ ਕਰ ਦਿੱਤਾ ਹੈ।

ਇਸ ਤੋਂ ਪਹਿਲਾਂ 25 ਅਕਤੂਬਰ ਨੂੰ ਇਕ ਦਿਨਾ ਸੈਸ਼ਨ ਬੁਲਾਇਆ ਗਿਆ ਸੀ, ਜਿਸ ਵਿਚ ਸਾਰੇ ਵਿਧਾਇਕਾਂ ਨੂੰ ਸਹੁੰ ਚੁਕਾਈ ਗਈ ਸੀ। ਇਸ ਤੋਂ ਇਲਾਵਾ ਹਰਿਆਣਾ ਵਿਧਾਨ ਸਭਾ ਦੇ ਸਪੀਕਰ ਹਰਵਿੰਦਰ ਕਲਿਆਣ ਅਤੇ ਡਿਪਟੀ ਸਪੀਕਰ ਕ੍ਰਿਸ਼ਨਾ ਮਿੱਢਾ ਨੂੰ ਵੀ ਚਣਿਆ ਗਿਆ।

ਦੂਜੇ ਪਾਸੇ ਕਾਂਗਰਸ ਅਜੇ ਤੱਕ ਵਿਧਾਇਕ ਦਲ ਦੇ ਨੇਤਾ ਦਾ ਨਾਂ ਤੈਅ ਨਹੀਂ ਕਰ ਸਕੀ ਹੈ। ਜੇਕਰ ਕਾਂਗਰਸ 13 ਨਵੰਬਰ ਤੱਕ ਨਾਂ ਦਾ ਐਲਾਨ ਨਹੀਂ ਕਰਦੀ ਹੈ ਤਾਂ ਇਹ ਪਹਿਲੀ ਵਾਰ ਹੋਵੇਗਾ ਕਿ ਸਦਨ ਦੀ ਕਾਰਵਾਈ ਵਿਰੋਧੀ ਧਿਰ ਦੇ



ਨੇਤਾ ਤੋਂ ਬਿਨਾਂ ਚੱਲੇਗੀ।

# ਜ਼ਿਲ੍ਹੇ ਦੀਆਂ ਮੰਡੀਆਂ ਚੋਂ 273899 ਮੀਟ੍ਰਿਕ ਟਨ ਫ਼ਸਲ ਦੀ ਖਰੀਦ, ਲਿਫਟਿੰਗ ਵੀ ਜਾਰੀ: ਡਿਪਟੀ ਕਮਿਸ਼ਨਰ

ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਆਈ ਏ ਐੱਸ ਨੇ ਦੱਸਿਆ ਕਿ ਰੋਜ਼ਾਨਾ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਗਾਤਾਰ ਜਾਇਜ਼ਾ ਲਿਆ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਫ਼ਸਲ ਦੀ ਚੁਕਾਈ ਵੀ ਲਗਾਤਾਰ ਕਰਵਾਈ ਜਾ ਰਹੀ ਹੈ ਤਾਂ ਜੋ ਲਿਫਟਿੰਗ ਦੀ ਕੋਈ ਸਮੱਸਿਆ ਨਾ ਆਵੇ।

ਉਨ੍ਹਾਂ ਦੱਸਿਆ ਕਿ ਕੱਲ੍ਹ 4 ਨਵੰਬਰ ਸ਼ਾਮ ਤੱਕ ਜ਼ਿਲ੍ਹੇ ਦੀਆਂ ਵੱਖ ਵੱਖ ਮੰਡੀਆਂ ਵਿੱਚ ਕੁੱਲ 330471 ਮੀਟ੍ਰਿਕ ਟਨ ਜਿਣਸ ਦੀ ਆਮਦ ਹੋਈ। ਇਸ ਵਿਚੋਂ ਹੁਣ ਤਕ ਕੁੱਲ 273899 ਮੀਟ੍ਰਿਕ ਟਨ ਫ਼ਸਲ ਖ਼ਰੀਦੀ ਗਈ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ ਮਾਰਕਫੈੱਡ ਵਲੋਂ 75067 ਮੀਟ੍ਰਿਕ ਟਨ, ਪਨਗ੍ਰੇਨ ਵਲੋਂ 107228 ਮੀਟ੍ਰਿਕ ਟਨ, ਪਨਸਪ ਵਲੋਂ 61670 ਮੀਟ੍ਰਿਕ ਟਨ ਤੇ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 29934 ਮੀਟ੍ਰਿਕ ਟਨ ਫ਼ਸਲ ਦੀ ਖਰੀਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ 184317 ਮੀਟ੍ਰਿਕ ਟਨ ਫ਼ਸਲ ਦੀ ਲਿਫਟਿੰਗ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹੁਣ ਤਕ 530 ਕਰੋੜ ਦੀ ਰਾਸ਼ੀ ਕਿਸਾਨਾਂ ਨੂੰ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਪੱਧਰ ਤੇ ਮੰਡੀਆਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਅਤੇ ਲਿਫਟਿੰਗ ਵੀ ਨਾਲੋ ਨਾਲ ਜਾਰੀ ਹੈ।

# ਭਾਰਤ ਨੇ ਓਲੰਪਿਕ-2036 ਦੀ ਮੇਜ਼ਬਾਨੀ ਲਈ ਪੇਸ਼ ਕੀਤੀ ਦਾਅਵਾਦਾਰੀ, ਕਿਹਾ- ਜੇਕਰ ਮਨਜ਼ੂਰੀ ਦਿੱਤੀ ਗਈ ਤਾਂ ਖੇਡਾਂ ਅਹਿਮਦਾਬਾਦ ਚ ਹੋਣਗੀਆਂ



ਨਵੀਂ ਦਿੱਲੀ (ਲੋਕ ਬਾਣੀ)- ਭਾਰਤ ਨੇ ਓਲੰਪਿਕ ਖੇਡਾਂ 2036 ਦੀ ਮੇਜ਼ਬਾਨੀ ਲਈ ਆਪਣਾ ਦਾਅਵਾ ਪੇਸ਼ ਕਰ ਦਿੱਤਾ ਹੈ। ਇਸ ਤਹਿਤ ਭਾਰਤੀ ਓਲੰਪਿਕ ਸੰਘ (9®1) ਨੇ ਅੰਤਰਰਾਸ਼ਟਰੀ ਓਲੰਪਿਕ ਕੌਂਸਲ (9®3) ਨੂੰ ਵੀ ਪੱਤਰ ਲਿਖਿਆ ਹੈ। ਕੇਂਦਰੀ ਖੇਡ ਮੰਤਰਾਲੇ ਦੇ ਸੂਤਰਾਂ ਨੇ ਪੁਸ਼ਟੀ ਕੀਤੀ ਹੈ ਕਿ ਭਾਰਤ ਸਰਕਾਰ ਨੇ 1 ਨਵੰਬਰ ਨੂੰ ਇਰਾਦੇ ਦੇ ਪੱਤਰ ਰਾਹੀਂ ਆਈਓਸੀ ਨੂੰ ਖੇਡਾਂ ਦੇ ਆਯੋਜਨ ਦੀ ਇੱਛਾ ਜ਼ਾਹਰ ਕੀਤੀ ਹੈ। ਜੇਕਰ ਭਾਰਤ ਓਲੰਪਿਕ ਖੇਡਾਂ ਦੀ ਮੇਜ਼ਬਾਨੀ ਜਿੱਤਦਾ ਹੈ ਤਾਂ ਇਹ ਪਹਿਲੀ ਵਾਰ ਹੋਵੇਗਾ ਕਿ ਇੱਥੇ ਓਲੰਪਿਕ ਖੇਡਾਂ ਦਾ ਆਯੋਜਨ ਕੀਤਾ ਜਾਵੇਗਾ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 15 ਅਗਸਤ ਨੂੰ ਲਾਲ ਕਿਲੇ ਤੋਂ ਕਿਹਾ ਸੀ - ਭਾਰਤ ਓਲੰਪਿਕ ਖੇਡਾਂ 2036 ਦੀ ਮੇਜ਼ਬਾਨੀ ਕਰੇਗਾ। ਦੱਸ ਦੇਈਏ ਕਿ ਭਾਰਤੀ ਖਿਡਾਰੀਆਂ ਨੇ 3 ਮਹੀਨੇ ਪਹਿਲਾਂ ਪੈਰਿਸ ਵਿੱਚ ਹੋਈਆਂ ਓਲੰਪਿਕ ਖੇਡਾਂ ਵਿੱਚ ਇੱਕ ਚਾਂਦੀ ਸਮੇਤ 6 ਤਗਮੇ ਜਿੱਤੇ ਸਨ।

# ਸੀਮਿਤ ਜਿਹੇ ਇੱਕਠ ਨਾਲ ਸ਼੍ਰੋਮਣੀ ਅਕਾਲੀ ਦਲ ਵਲੋਂ ਕਿਸਾਨਾਂ ਦੇ ਹੱਕ ਵਿੱਚ ਖਰੜ 'ਚ ਹਾਅ ਦਾ ਮਾਰਿਆ ਨਾਅਰਾ

ਖਰੜ, (ਕਾਲਾ ਸਿੰਘ ਸੈਣੀ )-ਸੂਬੇ ਅੰਦਰ ਝੋਨੇ ਦੀ ਫਸਲ ਨੂੰ ਲੈ ਕੇ ਕਿਸਾਨ ਮੰਡੀਆਂ ਵਿੱਚ ਰੁਲ ਲਿਆ ਹੈ ਅਤੇ ਕਿਸਾਨਾਂ ਵਲੋਂ ਸਰਕਾਰਾਂ ਵਿਰੁੱਧ ਰੋਸ ਧਰਨੇ ਦਿੱਤੇ ਜਾ ਰਹੇ ਹਨ। ਉੱਥੇ ਹੀ ਅੱਜ ਇੱਕ ਮਹੀਨਾ ਬੀਤ ਜਾਣ 'ਤੇ ਹਲਕਾ ਇੰਚਾਰਜ਼ ਰਣਜੀਤ ਸਿੰਘ ਗਿੱਲ ਦੀ ਅਗਵਾਈ ਵਿੱਚ ਐਸ.ਡੀ.ਐਮ ਦਫਤਰ ਖਰੜ ਵਿਖੇ ਰੋਸ ਧਰਨਾ ਦਿੱਤਾ ਗਿਆ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਰਣਜੀਤ ਸਿੰਘ ਗਿੱਲ ਨੇ ਕਿਹਾ ਕਿ ਅੱਜ ਕਿਸਾਨਾਂ,ਆੜਤੀਆਂ ਅਤੇ ਸ਼ੈਲਰ ਮਾਲਕਾਂ ਦੀਆਂ ਮੰਗਾਂ ਨੂੰ ਲੈ ਕੇ ਸੀਨੀਅਰ ਲੀਡਰਸ਼ਿਪ ਵਲੋਂ ਧਰਨਾ ਲਗਾਇਆ ਗਿਆ ਹੈ। ਉਨਾਂ ਕਿਹਾ ਕਿ ਸਰਕਾਰ ਦੀ ਆਪ ਦੀ ਸਰਕਾਰ ਵਿੱਚ ਹਰ ਵਰਗ ਦਾ ਨਾਗਰਿਕ ਪ੍ਰੇਸ਼ਾਨ ਹੈ। ਉਨਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਕੇਂਦਰ ਸਰਕਾਰ ਨਾਲ ਅੱਜ ਤੱਕ ਕਿਸਾਨਾ ਦੀ ਪ੍ਰੇਸ਼ਾਨੀ ਦੀ ਗੱਲ ਤੱਕ ਨਹੀਂ ਕੀਤੀ ਹੈ। ਉਨਾਂ ਕਿਹਾ ਕਿ ਮੰਡੀਆਂ ਝੋਨੇ ਨਾਲ ਭਰੀਆਂ ਪਈਆਂ ਹਨ। ਲਿਫਟਿੰਗ ਨਹੀਂ ਹੋ ਰਹੀ ਹੈ। ਉਨਾਂ ਕਿਹਾ ਕਿ ਮੰਡੀਆਂ ਵਿੱਚ ਰੁਲ ਰਹੀ ਝੋਨੇ ਦੀ ਫਸਲ ਨਾਲ ਕਿਸਾਨ, ਆੜਤੀ, ਸ਼ੈਲਰ ਮਾਲਕ,ਮਜਦੂਰ ਵਰਗ ਦੇ ਨਾਲ-ਨਾਲ ਆਮ ਲੋਕ ਦਾ ਵੀ ਨੁਕਾਸਨ ਹੋ ਰਿਹਾ ਹੈ। ਉਨਾਂ ਸੂਬੇ ਦੀ ਲਾਅ ਐਂਡ ਆਰਡਰ ਦੀ ਸਥਿਤੀ ਤੇ ਬੋਲਦਿਆਂ ਕਿਹਾ ਕਿ ਵਪਾਰੀ ਵਰਗ ਨੇ ਨਾਲ-ਨਾਲ ਲੋਕਾਂ 'ਚ ਡਰ ਬਣਿਆ ਹੋਇਆ ਹੈ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਵੀ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਆਪੋ-ਆਪਣੇ ਵਿਚਾਰ ਰੱਖੇ। ਇਸ ਮੌਕੇ ਐਸ.ਡੀ.ਐਮ. ਖਰੜ ਗੁਰਮੰਦਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਤੋਂ ਮੰਗ ਪੱਤਰ ਲਿਆ। ਇਸ ਮੌਕੇ ਜਿਲਾ ਪ੍ਰਧਾਨ ਚਰਨਜੀਤ ਸਿੰਘ ਕਾਲੇਵਾਲ, ਅਜਮੇਰ ਸਿੰਘ ਖੇੜਾ, ਰਵਿੰਦਰ ਸਿੰਘ ਖੇੜਾ, ਸਾਹਿਬ ਸਿੰਘ ਬਡਾਲੀ, ਪਰਮਿੰਦਰ ਸਿੰਘ ਲੌਂਗੀਆ, ਧਨਵੰਤ ਸਿੰਘ ਛਿੰਦਾ, ਅਮਨਦੀਪ ਸਿੰਘ ਅੰਮੂ, ਸਰਬਜੀਤ ਸਿੰਘ ਕਾਦੀ ਮਾਜਰਾ,ਮੇਜਰ ਸਿੰਘ ਸੰਗਤਪੁਰ,ਹਰਪ੍ਰੀਤ ਸਿੰਘ ਸਵਾੜਾ,ਹਰਦੀਪ ਸਿੰਘ ਖਿਜਰਾਬਾਦ,ਰਣਜੀਤ ਸਿੰਘ ਨੋਨਾ,ਬਲਦੇਵ ਸਿੰਘ,ਹਰਜਿੰਦਰ ਸਿੰਘ ਮੁੰਧੋ,ਸੁਰਜੀਤ ਸਿੰਘ ਧਾਲੀਵਾਲ,ਪ੍ਰਿੰ ਸੀਪਲ ਸੁਰਿੰਦਰ ਸਿੰਘ,ਪਰਮਜੀਤ ਸਿੰਘ ਪੰਮੀ,ਸੰਦੀਪ ਰਾਣਾ ਸੰਜੂ, ਕੌਂਸਲਰ ਜਸਵੀਰ ਰਾਣਾ, ਭੁਪਿੰਦਰ ਸਿੰਘ ਕਾਲਾ, ਰਣਧੀਰ ਸਿੰਘ ਧੀਰਾ ਸਮੇਤ ਹੋਰ ਆਗੂ ਹਾਜਰ ਸਨ।





ਕਿਸਾਨਾਂ ਦੇ ਹੱਕਾਂ ਵਿਚ ਮਾਰਿਆ ਹਾਅ ਦਾ ਨਾਅਰਾ ਬਣਿਆ ਚਰਚਾ ਦਾ ਵਿਸ਼ਾ:ਸ਼੍ਰੋਮਣੀ ਅਕਾਲੀ ਦਲ ਵਲੋਂ ਖਰੜ ਵਿੱਚ ਕਿਸਾਨਾਂ ਦੇ ਹੱਕਾਂ ਵਿੱਚ ਐਸ.ਡੀ.ਐਮ ਖਰੜ ਦੇ ਦਫਤਰ ਅੱਗੇ ਅੱਧੇ ਘੰਟੇ ਦੇ ਲਗਾਏ ਧਰਨੇ ਵਿੱਚ 50-60 ਦੇ ਕਰੀਬ ਹੀ ਆਗੂ ਅਤੇ ਵਰਕਰ ਸ਼ਾਮਿਲ ਹੋਏ। ਅਤੇ ਨਾ ਹੀ ਅਕਾਲੀ ਦਲ ਨਾਲ ਸਬੰਧਿਤ ਕੌਂਸਲਰ ਦੇਖਣ ਨੂੰ ਮਿਲਿਆ। ਜਿਕਰਯੋਗ ਹੈ ਕਿ ਖਰੜ ਸ਼ਹਿਰ ਵਿੱਚ ਨਗਰ ਕੌਂਸਲ ਦੀ ਪ੍ਰਧਾਨ ਵੀ ਸ਼੍ਰੋਮਣੀ ਅਕਾਲੀ ਦਲ ਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਇਸ ਡਿੱਗਦੇ ਮਿਆਰ ਦੀ ਤਸਵੀਰ ਖਰੜ ਸ਼ਹਿਰ ਲਈ ਚਰਚਾ ਦਾ ਵਿਸ਼ਾ ਬਣ ਦੀ ਨਜ਼ਰ ਆਈ।

# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਨੇ ਅੰਤਰ-ਕਾਲਜ ਤਾਇਕਵਾਂਡੋ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ



ਦੀਨਾਨਗਰ (ਲੋਕ ਬਾਣੀ) ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ, ਦੀਨਾਨਗਰ ਦੀ ਵਿਦਿਆਰਥਣਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੁਆਰਾ ਅੰਤਰ-ਕਾਲਜ ਤਾਇਕਵਾਂਡੋ ਚੈਂਪੀਅਨਸ਼ਿਪ ਵਿਚ ਭਾਗ ਲਿਆ।
ਸਰੀਰਕ ਸਿੱਖਿਆ ਦੀ ਵਿਦਿਆਰਥੀ ਬਲਜੀਤ ਨੇ ਅੰਡਰ-49 ਭਾਰ ਵਰਗ ਵਿੱਚ ਕਾਂਸੀ ਪਦਕ ਜਿੱਤਿਆ । ਵਿਦਿਆਰਥਣ ਦੀ ਸਫਲਤਾ ਲਈ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਡਾ. ਸਰਲਾ ਨਿਰਕਾਰੀ ਅਤੇ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋ. ਤਲਜਿੰਦਰ ਕੌਰ ਨੂੰ ਜਾਂਦਾ ਹੈ। ਪ੍ਰਿੰਸੀਪਲ ਡਾ. ਸਰਲਾ ਨਿਰੰਕਾਰੀ ਨੇ ਬਲਜੀਤ ਨੂੰ ਉਸਦੇ ਵਧੀਆ ਪ੍ਰਦਰਸ਼ਨ ਤੇ ਵਧਾਈ ਦਿੱਤੀ। ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਨੇ ਓਵਰਆਲ ਸਿੱਖਿਆ ਦੇ ਪ੍ਰਤੀ ਆਪਣੇ ਸਮਰਪਣ ਨੂੰ ਪ੍ਰਦਰਸ਼ਿਤ ਕਰਦੇ ਹੋਏ ਵੱਖ-ਵੱਖ ਖੇਡਾਂ ਵਿੱਚ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ ਹੈ।

# ਬਰਨਾਲਾ ਜਿਮਨੀ ਚੋਣ ਪਿੜ ਚ ਉੱਤਰੇ ਬੱਲੇ ਵਾਲੇ ਮਾਹੀ ਸ਼ੇਰਗਿੱਲ ਦੇ ਚਰਚੇ

ਸ਼ੇਰਪੁਰ , (ਲੋਕ ਬਾਣੀ) - ਭਾਵੇਂ ਪੰਜਾਬ ਭਰ ਵਿੱਚ ਚਾਰ ਵਿਧਾਨ ਸਭਾ ਹਲਕਿਆਂ ਤੇ ਹੋਣ ਜਾ ਰਹੀਆਂ ਜਿਮਨੀ ਚੋਣਾਂ ਚ ਰਾਜਨੀਤਕ ਪਾਰਟੀਆਂ ਵੱਲੋਂ ਚੋਣ ਮੁਹਿਮ ਸਿਖਰਾਂ ਤੇ ਹੈ, ਉੱਥੇ ਬਰਨਾਲਾ ਤੋਂ ਜਿਮਨੀ ਚੋਣ ਲੜ ਰਹੇ ਆਪਣੀ ਏਕਤਾ ਪਾਰਟੀ ਪੰਜਾਬ ਦੇ ਧਰਤੀ ਨਾਲ ਜੁੜੇ ਹੋਣ ਦਾ ਦਾਅਵਾ ਕਰ ਰਹੇ ਨੌਜਵਾਨ ਯਾਦਵਿੰਦਰ ਸਿੰਘ ਮਾਹੀ ਸ਼ੇਰਗਿਲ ਦੀ ਚਰਚਾ ਵੀ ਜੋਰਾਂ ਤੇ ਹੈ । ਜ਼ਿਕਰਯੋਗ ਹੈ ਕਿ ਮਾਹੀ ਕਸਬਾ ਸ਼ੇਰਪੁਰ ਤੋਂ ਪੱਤਰਕਾਰੀ ਦੇ ਖੇਤਰ ਅਤੇ ਬਿਜ਼ਨੇਸ ਵਿੱਚ ਵੱਡਾ ਨਾਮ ਕਮਾ ਚੁੱਕਿਆ ਹੈ ਜਿਸ ਨੇ ਆਪਣੀ ਕਲਮ ਦੇ ਦਮ ਤੇ ਵੱਡੇ- ਵੱਡੇ ਨਸ਼ਾ ਤਸਕਰਾਂ ਨੂੰ ਭਾਜੜਾ ਪਾਈਆਂ ਹਨ ਅਤੇ ਉਹ ਆਪਣੀਆਂ ਖਬਰਾਂ ਅਤੇ ਬੇਬਾਕ ਸ਼ਬਦਾਂ ਨਾਲ ਅਕਸਰ ਚਰਚਾ ਵਿੱਚ ਰਿਹਾ ਹੈ। ਸਥਾਨਕ ਪ੍ਰਤੀਨਿਧੀ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਉਹ ਕਿਸਾਨਾਂ ਮਜ਼ਦੂਰਾਂ ਨਾਲ ਮੰਡੀਆਂ ਵਿੱਚ, ਵਪਾਰੀਆਂ ,ਦੁਕਾਨਦਾਰਾਂ ਅਤੇ ਆਮ ਲੋਕਾਂ ਦੇ ਕੋਲ ਜਾ ਕੇ ਉਨਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈ ਰਿਹਾ ਹੈ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਲਈ ਯਤਨਸ਼ੀਲ ਹੈ । ਯਾਦਵਿੰਦਰ ਸਿੰਘ ਮਾਹੀ ਨੇ ਕਿਹਾ ਕਿ ਲੋਕ ਰਾਏ ਅਨੁਸਾਰ ਅਜੋਕੀ ਸਿਆਸਤ ਵਿੱਚ ਵੱਡੇ ਪੱਧਰ ਤੇ ਆਇਆ ਨਿਘਾਰ ਪੰਜਾਬ ਦੇ ਭਵਿੱਖ ਲਈ ਚਿੰਤਾ ਦਾ ਵਿਸ਼ਾ ਹੈ ਉਹਨਾਂ ਕਿਹਾ ਕਿ ਰਾਜਨੀਤਿਕ ਪਾਰਟੀਆਂ ਵੱਲੋਂ ਵੋਟਾਂ ਬਟੋਰਨ ਲਈ ਲੋੜਵੰਦਾਂ ਅਤੇ ਮਜ਼ਦੂਰ ਲੋਕਾਂ ਨਾਲ ਕੀਤੇ ਵਾਅਦੇ ਜਿੱਤਣ ਤੋਂ ਬਾਅਦ ਸਭ ਹਵਾ ਹਵਾਈ ਹੋ ਜਾਂਦੇ ਹਨ। ਮਾਹੀ ਨੇ ਦੱਸਿਆ ਕਿ ਉਹ ਪੱਤਰਕਾਰੀ ਖੇਤਰ ਨਾਲ ਜੁੜੇ ਹੋਣ ਕਾਰਨ ਲੋਕਾਂ ਦੀਆਂ ਦੁੱਖ ਤਕਲੀਫਾਂ ਨੂੰ ਜਮੀਨੀ ਪੱਧਰ ਤੇ ਚੰਗੀ ਤਰ੍ਹਾਂ ਜਾਣਦੇ ਹਨ । ਉਹਨਾਂ ਕਿਹਾ ਉਹ ਸਿਆਸਤ ਵਿੱਚ ਪੈਸਾ ਕਮਾਉਣ ਨਹੀਂ ਸਗੋਂ ਦੱਬੇ ਕੁਚਲੇ ਅਤੇ ਸਿਸਟਮ ਦੇ ਸਤਾਏ ਲੋਕਾਂ ਦੀ ਸੇਵਾ ਕਰਨ ਲਈ ਅੱਗੇ ਆਏ ਹਨ , ਹਲਕਾ ਬਰਨਾਲਾ ਅੰਦਰ ਅਜੇ ਵੀ ਬਹੁਤ ਸਾਰੀਆਂ ਮੁਢਲੀਆਂ ਸਹੂਲਤਾਂ ਦੀ ਘਾਟ ਹੋਣ ਕਾਰਨ ਹਲਕੇ ਦੇ ਲੋਕ ਪ੍ਰਸ਼ਾਸਨ ਅਤੇ ਸਰਕਾਰਾਂ ਤੋਂ ਅੱਕ -ਥੱਕ ਚੁੱਕੇ ਹਨ । ਉਹਨਾਂ ਕਿਹਾ ਕਿ ਅੱਜ ਘਰ-ਘਰ ਵਿਚਰਦਿਆਂ ਉਹਨਾਂ ਨੂੰ ਖਾਸ ਕਰ ਨੌਜਵਾਨ ਵਰਗ , ਕਿਸਾਨਾਂ ,ਮਜ਼ਦੂਰਾਂ , ਵਪਾਰੀ ਵਰਗ ਦਾ ਪੂਰਨ ਸਮਰਥਨ ਮਿਲ ਰਿਹਾ ਹੈ । ਯਾਦਵਿੰਦਰ ਸਿੰਘ ਮਾਹੀ ਸ਼ੇਰਗਿਲ ਨੇ ਅੱਗੇ ਕਿਹਾ ਕਿ ਜੇਕਰ ਹਲਕੇ ਦੇ ਲੋਕ ਉਹਨਾਂ ਨੂੰ 20 ਅਕਤੂਬਰ ਨੂੰ ਵੱਧ ਤੋਂ ਵੱਧ ਗਿਣਤੀ ਚ ਚੋਣ ਨਿਸ਼ਾਨ ਬੱਲੇ ਦਾ ਬਟਨ ਦਬਾ ਕੇ ਵਿਧਾਨ ਸਭਾ ਦੀਆਂ ਪੌੜੀਆਂ ਚੜਾਉਂਦੇ ਹਨ ਤਾਂ ਉਹ ਖਸਖਸ ਦੀ ਖੇਤੀ ਨੂੰ ਯਕੀਨੀ ਬਣਾਉਣਾ ,ਸਿੱਖਿਆ ਅਤੇ ਸਿਹਤ ਸਹੂਲਤਾਂ ਵਿੱਚ ਸੁਧਾਰ ਲਿਆਉਣਾ ਅਤੇ ਹੋਰ ਹਲਕੇ ਦੇ ਭਖਦੇ ਮਸਲਿਆਂ ਨੂੰ ਵਿਧਾਨ ਸਭਾ ਵਿੱਚ ਪੂਰੇ ਜ਼ੋਰ ਸ਼ੋਰ ਨਾਲ ਉਠਾਉਣਗੇ।ਇਸ ਮੌਕੇ ਸੁਖਵਿੰਦਰ ਸਿੰਘ ਖੇੜੀ , ਹਰਵਿੰਦਰ ਕੁੱਕੂ , ਜਸਵੀਰ ਸੀਰਾਂ ਅਤੇ ਸੁਰੱਖਿਆ ਅਧਿਕਾਰੀ ਮੌਜੂਦ ਸਨ ।



ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਵਿਧਾਇਕ ਬੱਗਾ ਵਲੋਂ ਵਾਰਡ ਨੰਬਰ ਇੱਕ ਚ ਨਵੀਆਂ ਸੜ੍ਹਕਾਂ ਦੇ ਨਿਰਮਾਣ ਕਾਰਜ਼ਾਂ ਦਾ ਉਦਘਾਟਨ

ਲੁਧਿਆਣਾ, (ਸੁਖਚੈਨ ਮਹਿਰਾ) – ਇਲਾਕੇ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ, ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਮਦਨ ਲਾਲ ਬੱਗਾ ਵਲੋਂ ਸਥਾਨਕ ਵਾਰਡ ਨੰਬਰ 1 ਅਧੀਨ ਭਾਰਤੀ ਕਲੋਨੀ ਅਤੇ ਮੈਟਰੋ ਰੋਡ, ਨੇੜੇ ਸੈਕਰਡ ਹਾਰਟ ਕਾਨਵੈਂਟ ਸਕੂਲ ਵਿਖੇ ਨਵੀਆਂ ਸੜਕਾਂ ਦੇ ਨਿਰਮਾਣ ਕਾਰਜ਼ਾਂ ਦਾ ਉਦਘਾਟਨ ਕੀਤਾ।




ਇਸ ਮੌਕੇ ਵਿਧਾਇਕ ਬੱਗਾ ਨਾਲ ਸੀਨੀਅਰ ਆਪ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।

ਵਿਧਾਇਕ ਬੱਗਾ ਨੇ ਦੱਸਿਆ ਕਿ ਭਾਰਤੀ ਕਲੋਨੀ ਵਿਖੇ ਵੱਖ-ਵੱਖ ਸੜਕਾਂ ਦੇ ਨਿਰਮਾਣ ਕਾਰਜ਼ਾਂ ਤੇ ਕਰੀਬ 56 ਲੱਖ ਰੁਪਏ ਖਰਚ ਕੀਤੇ ਜਾਣਗੇ ਜਦਕਿ ਕਰੀਬ 38 ਲੱਖ ਰੁਪਏ ਦੀ ਲਾਗਤ ਨਾਲ ਮੈਟਰੋ ਰੋਡ, ਨੇੜੇ ਸੈਕਰਡ ਹਾਰਟ ਕਾਨਵੈਂਟ ਸਕੂਲ ਵਾਲੀਆਂ ਸੜਕਾਂ ਦਾ ਨਿਰਮਾਣ ਕਰਵਾਇਆ ਜਾਵੇਗਾ।

ਵਿਧਾਇਕ ਬੱਗਾ ਨੇ ਦੱਸਿਆ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਤੋਂ ਬਾਅਦ ਆਵਾਜਾਈ ਸੁਚਾਰੂ ਢੰਗ ਨਾਲ ਚੱਲੇਗੀ।

ਹਲਕਾ ਲੁਧਿਆਣਾ ਉੱਤਰੀ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਵਿਧਾਇਕ ਬੱਗਾ ਅਤੇ ਉਨ੍ਹਾ ਦੀ ਟੀਮ ਨੇ ਕਿਹਾ ਕਿ ਨਵੀਆਂ ਸੜਕਾਂ ਦਾ ਨਿਰਮਾਣ ਜੰਗੀ ਪੱਧਰ ਤੇ ਕਰਵਾਇਆ ਜਾਵੇਗਾ। ਉਨ੍ਹਾ ਸਪੱਸ਼ਟ ਕੀਤਾ ਕਿ ਪਿੰਡਾਂ ਦੇ ਨਾਲ ਸ਼ਹਿਰਾਂ ਦੇ ਵਿੱਚ ਵੀ ਸੜਕ ਕੁਨੇਕਟੀਵਿਟੀ ਨੂੰ ਬਿਹਤਰ ਬਣਾਉਣ ਦੇ ਲਈ ਲਗਾਤਾਰ ਸਾਡੀ ਸਰਕਾਰ ਵੱਲੋਂ ਯਤਨ ਕੀਤੇ ਜਾ ਰਹੇ ਹਨ।

ਰੋਜ਼ਾਨਾ ਲੋਕ ਬਾਣੀ
www.lokbani

# ਵਧੇਰੇ ਜ਼ੋਖਮ ਵਾਲੇ ਲੋਕਾਂ ਨੂੰ ਦੇਰ ਸ਼ਾਮ ਤੋਂ ਸਵੇਰੇ ਤੱਕ ਨਹੀਂ ਜਾਣਾ ਚਾਹੀਦਾ ਘਰਾਂ ਤੋਂ ਬਾਹਰ : ਸਿਵਲ ਸਰਜਨ



ਬਰਨਾਲਾ, (ਲੋਕ ਬਾਣੀ) ਮੌਸਮ ਦੇ ਬਦਲਣ, ਤਿਓਹਾਰਾਂ ਅਤੇ ਪਰਾਲੀ ਦੇ ਧੂੰਏ ਦਾ ਪ੍ਰਦੂਸ਼ਣ ਵਧਣ ਕਾਰਨ ਹਵਾ ਦੀ ਗੁਣਵਤਾ ਵਿਗੜਨੀ ਸ਼ੁਰੂ ਹੋ ਜਾਂਦੀ ਹੈ, ਜਿਸ ਕਾਰਨ ਸਾਹ, ਦਮਾ, ਜ਼ੁਕਾਮ, ਖੰਘ ਅਤੇ ਛਾਤੀ ਰੋਗ ਦੇ ਮਰੀਜ਼ ਵੱਧਣੇ ਸ਼ੁਰੂ ਹੋ ਜਾਂਦੇ ਹਨ। ਇਨ੍ਹਾਂ ਸਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ.ਤਪਿੰਦਰਜੋਤ ਕੌਸ਼ਲ ਵੱਲੋਂ ਕੀਤਾ ਗਿਆ।

ਸਿਹਤ ਵਿਭਾਗ ਬਰਨਾਲਾ ਵੱਲੋਂ ਅਡਵਾਇਜ਼ਰੀ ਜਾਰੀ ਕੀਤੀ ਗਈ ਕਿ ਛੋਟੇ ਬੱਚੇ, ਗਰਭਵਤੀ ਔਰਤਾਂ, ਬਜ਼ੁਰਗ ਲੰਬੇ ਸਮੇਂ ਤੋਂ ਸਾਂਹ ਅਤੇ ਹੋਰ ਬੀਮਾਰੀਆਂ ਤੋਂ ਪੀੜਤ ਲੋਕਾਂ ਲਈ ਹਵਾ ਦਾ ਪ੍ਰਦੂਸ਼ਣ ਖਤਰਨਾਕ ਹੁੰਦਾ ਹੈ। ਹਵਾ ਪ੍ਰਦੂਸ਼ਣ ਦੇ ਦਿਨਾਂ ‘ਚ ਬਾਹਰ ਸਵੇਰ ਅਤੇ ਦੇਰ ਸ਼ਾਮ ਸੈਰ ਕਰਨ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ। ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਬਾਹਰੀ ਦਰਵਾਜ਼ੇ ਅਤੇ ਖਿੜਕੀਆਂ ਖੋਲ੍ਹਣ ਤੋਂ ਵੀ ਪਰਹੇਜ਼ ਕਰਨਾ ਚਾਹੀਦਾ ਹੈ।

ਜੇਕਰ ਕਿਸੇ ਵਿਅਕਤੀ ਨੂੰ ਸਾਂਹ ਲੈਣ ‘ਚ ਮੁਸ਼ਕਿਲ, ਖੰਘ, ਛਾਤੀ, ਬੇ-ਆਰਾਮੀ ਮਹਿਸੂਸ ਹੁੰਦਾ ਹੈ ਤਾਂ ਤੁਰੰਤ ਨਜ਼ਦੀਕੀ ਸਿਹਤ ਸੰਸਥਾ ‘ਚ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ।

ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਅਤੇ ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਨੇ ਦੱਸਿਆ ਕਿ ਗਰਭਵਤੀ ਔਰਤਾਂ, ਛੋਟੇ ਬੱਚਿਆਂ, ਬਜ਼ੁਰਗਾਂ ਅਤੇ ਲੰਮੇ ਸਮੇਂ ਤੋਂ ਕਿਸੇ ਬਿਮਾਰੀ ਤੋਂ ਪੀੜਤ ਉੱਚ ਜ਼ੋਖਮ ਵਾਲੇ ਲੋਕਾਂ ਨੂੰ ਜਿਥੋਂ ਤੱਕ ਸੰਭਵ ਹੋ ਸਕੇ ਘਰ ਤੋਂ ਬਾਹਰ ਖਾਸ ਕਰਕੇ ਸਵੇਰੇ ਅਤੇ ਸ਼ਾਮ ਨੂੰ ਜਾਣ ਤੋਂ ਪ੍ਰਹੇਜ ਕਰਨਾ ਚਾਹੀਦਾ ਹੈ। ਭਰਪੂਰ ਮਾਤਰਾ ਚ ਮੌਸਮੀ ਫ਼ਲ ਅਤੇ ਸਬਜ਼ੀਆਂ ਖਾਣੀਆਂ ਚਾਹੀਦੀਆਂ ਹਨ ਅਤੇ ਲੋੜੀਂਦੀ ਮਾਤਰਾ ਚ ਜੂਸ, ਦੁੱਧ ਅਤੇ ਪਾਣੀ ਪੀਣਾ ਚਾਹੀਦਾ ਹੈ। ਸਿਗਰਟ, ਬੀੜੀ ਅਤੇ ਹੋਰ ਸਬੰਧਤ ਤੰਬਾਕੂ ਪਦਾਰਥਾਂ ਦਾ ਸੇਵਨ ਨਹੀਂ ਕਰਨਾ ਚਾਹੀਦਾ।

# ਪੰਜਾਬ ਪੁਲਿਸ ਵੱਲੋਂ ਸ਼ਿਵ ਸੈਨਾ ਆਗੂਆਂ ਤੇ ਪੈਟਰੋਲ ਬੰਬ ਹਮਲਿਆਂ ਵਿੱਚ ਸ਼ਾਮਲ ਚਾਰ

ਚੰਡੀਗੜ੍ਹ/ਲੁਧਿਆਣਾ, ( ਸੁਖਚੈਨ ਮਹਿਰਾ) ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਹੋਰ ਵੱਡੀ ਸਫਲਤਾ ਪ੍ਰਾਪਤ ਕਰਦਿਆਂ ਪੰਜਾਬ ਕਾਊਂਟਰ ਇੰਟੈਲੀਜੈਂਸ ਅਤੇ ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਹਮਾਇਤ ਪ੍ਰਾਪਤ ਵਿਦੇਸ਼ੀ ਮੂਲ ਦੇ ਹਰਜੀਤ ਸਿੰਘ ਉਰਫ਼ ਲਾਡੀ ਅਤੇ ਸਾਬੀ ਦੁਆਰਾ ਚਲਾਏ ਜਾ ਰਹੇ ਮਾਡਿਊਲ ਦੇ ਚਾਰ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਸ਼ਿਵ ਸੈਨਾ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਪੈਟਰੋਲ ਬੰਬ ਹਮਲਿਆਂ ਦੇ ਕੇਸ ਨੂੰ ਸੁਲਝਾ ਲਿਆ ਹੈ।



ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਜਸਵਿੰਦਰ ਸਿੰਘ ਉਰਫ਼ ਬਿੰਦਰ ਵਾਸੀ ਬੂਥਗੜ੍ਹ ਜ਼ਿਲ੍ਹਾ ਲੁਧਿਆਣਾ, ਰਵਿੰਦਰ ਪਾਲ ਸਿੰਘ ਉਰਫ਼ ਰਵੀ (38), ਮਨੀਸ਼ ਸਾਹਿਦ ਉਰਫ਼ ਸੰਜੂ (30) ਅਤੇ ਅਨਿਲ ਕੁਮਾਰ ਉਰਫ਼ ਹਨੀ (27) ਤਿੰਨੋਂ ਵਾਸੀ ਰਾਹੋਂ ਜ਼ਿਲ੍ਹਾ ਨਵਾਂਸ਼ਹਿਰ ਵਜੋਂ ਹੋਈ ਹੈ। ਉਹਨਾਂ ਅੱਗੇ ਦੱਸਿਆ ਕਿ ਪੁਲਿਸ ਟੀਮਾਂ ਨੇ ਅਪਰਾਧ ਕਰਨ ਲਈ ਵਰਤਿਆ ਗਿਆ ਲਾਲ ਰੰਗ ਦਾ ਟੀਵੀਐਸ ਰੇਡਰ ਮੋਟਰਸਾਈਕਲ (ਪੀਬੀ 32 ਏਸੀ 3770) ਜ਼ਬਤ ਕੀਤਾ ਹੈ ਅਤੇ ਦੋ ਮੋਬਾਈਲ ਫੋਨ ਵੀ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਆਪਣੇ ਐਕਸ ਹੈਂਡਲ (ਪਹਿਲਾਂ ਟਵਿੱਟਰ) ਤੇ ਇੱਕ ਪੋਸਟ ਜ਼ਰੀਏ ਦੱਸਿਆ ਕਿ ਇਸ ਆਪ੍ਰੇਸ਼ਨ ਨਾਲ 16 ਅਕਤੂਬਰ, 2024 ਨੂੰ ਯੋਗੇਸ਼ ਬਖਸ਼ੀ ਦੀ ਰਿਹਾਇਸ਼ ਤੇ ਹਮਲਾ ਅਤੇ ਹਾਲ ਹੀ ਵਿੱਚ 2 ਨਵੰਬਰ, 2024 ਨੂੰ ਮਾਡਲ ਟਾਊਨ ਐਕਸਟੈਨਸ਼ਨ, ਲੁਧਿਆਣਾ ਵਿੱਚ ਹਰਕੀਰਤ ਸਿੰਘ ਖੁਰਾਣਾ ਦੇ ਘਰ ਤੇ ਹਮਲੇ ਸਬੰਧੀ ਘਟਨਾ ਸਮੇਤ ਸ਼ਿਵ ਸੈਨਾ ਆਗੂਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਪੈਟਰੋਲ ਬੰਬ ਦੀਆਂ ਦੋਵੇਂ ਘਟਨਾਵਾਂ ਨੂੰ ਸਫਲਤਾਪੂਰਵਕ ਹੱਲ ਕਰ ਲਿਆ ਗਿਆ ਹੈ।

ਦੱਸਣਯੋਗ ਹੈ ਕਿ 16 ਅਕਤੂਬਰ ਦੀ ਰਾਤ ਕਰੀਬ 9.40 ਵਜੇ ਹੈਬੋਵਾਲ, ਲੁਧਿਆਣਾ ਦੇ ਨਿਊ ਚੰਦਰ ਨਗਰ ਵਿਖੇ ਸਥਿਤ ਸ਼ਿਵ ਸੈਨਾ ਆਗੂ ਯੋਗੇਸ਼ ਬਖਸ਼ੀ ਦੇ ਘਰ ਤੇ ਤਿੰਨ ਅਣਪਛਾਤੇ ਵਿਅਕਤੀਆਂ ਨੇ ਪੈਟਰੋਲ ਬੰਬ ਸੁੱਟਿਆ ਸੀ। ਇਸ ਘਟਨਾ ਤੋਂ ਕਰੀਬ ਪੰਦਰਾਂ ਦਿਨਾਂ ਬਾਅਦ ਸ਼ਨੀਵਾਰ ਦੀ ਰਾਤ ਨੂੰ ਮਾਡਲ ਟਾਊਨ ਐਕਸਟੈਂਸ਼ਨ ਸਥਿਤ ਸ਼ਿਵ ਸੈਨਾ ਆਗੂ ਹਰਕੀਰਤ ਸਿੰਘ ਦੇ ਘਰ ਤੇ ਵੀ ਇਸੇ ਤਰ੍ਹਾਂ ਦਾ ਪੈਟਰੋਲ ਬੰਬ ਹਮਲਾ ਹੋਇਆ।

ਡੀਜੀਪੀ ਨੇ ਕਿਹਾ ਕਿ ਵਿਦੇਸ਼ੀ ਹੈਂਡਲਰ ਹਰਜੀਤ ਸਿੰਘ ਉਰਫ਼ ਲਾਡੀ ਪੰਜਾਬ ਦੇ ਨੰਗਲ ਵਿੱਚ ਵਿਕਾਸ ਪ੍ਰਭਾਕਰ ਦੇ ਕਤਲ ਵਿੱਚ ਵੀ ਲੋੜੀਂਦਾ ਮੁਲਜ਼ਮ ਹੈ ਅਤੇ ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਵੱਲੋਂ ਉਸ ‘ਤੇ 10 ਲੱਖ ਰੁਪਏ ਦਾ ਇਨਾਮ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਅਗਲੇ ਅਤੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਆਗਾਮੀ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਹੋਣ ਦੀ ਉਮੀਦ ਹੈ।

ਰੋਜ਼ਾਨਾ ਲੋਕ ਬਾਣੀ
www.lokbani

ਮੀਡੀਆ ਨਾਲ ਗੱਲਬਾਤ ਦੌਰਾਨ ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਲੁਧਿਆਣਾ ਦੇ ਪੁਲਿਸ ਕਮਿਸ਼ਨਰ (ਸੀ.ਪੀ.) ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਦੋਵਾਂ ਮਾਮਲਿਆਂ ਨੂੰ ਟਰੇਸ ਕਰਨ ਲਈ ਤੁਰੰਤ ਕਾਰਵਾਈ ਕਰਦਿਆਂ ਡੀ.ਸੀ.ਪੀ. ਇਨਵੈਸਟੀਗੇਸ਼ਨ ਸ਼ੁਭਮ ਅਗਰਵਾਲ ਦੀ ਨਿਗਰਾਨੀ ਹੇਠ ਲੁਧਿਆਣਾ ਕਮਿਸ਼ਨਰੇਟ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਦੀਆਂ ਵੱਖ-ਵੱਖ ਟੀਮਾਂ ਬਣਾਈਆਂ ਗਈਆਂ। ਉਹਨਾਂ ਅੱਗੇ ਦੱਸਿਆ ਕਿ ਸੀਆਈ ਟੀਮ ਦੀ ਅਗਵਾਈ ਏਆਈਜੀ ਸਿਮਰਤਪਾਲ ਸਿੰਘ ਢੀਂਡਸਾ ਕਰ ਰਹੇ ਸਨ, ਜਦਕਿ ਏਡੀਸੀਪੀ ਇਨਵੈਸਟੀਗੇਸ਼ਨ ਲੁਧਿਆਣਾ ਅਮਨਦੀਪ ਸਿੰਘ ਬਰਾੜ, ਏਡੀਸੀਪੀ ਜ਼ੋਨ-3 ਲੁਧਿਆਣਾ ਰਮਨਦੀਪ ਸਿੰਘ ਭੁੱਲਰ, ਏਸੀਪੀ ਸਿਵਲ ਲਾਈਨ ਲੁਧਿਆਣਾ ਆਕਰਸ਼ੀ ਜੈਨ ਅਤੇ ਏਸੀਪੀ ਵੈਸਟ ਲੁਧਿਆਣਾ ਗੁਰਦੇਵ ਸਿੰਘ ਵੱਖ-ਵੱਖ ਟੀਮਾਂ ਦੀ ਅਗਵਾਈ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸੀ.ਸੀ.ਟੀ.ਵੀ. ਫੁਟੇਜ ਅਤੇ ਹੋਰ ਇਕੱਠੇ ਕੀਤੇ ਤਕਨੀਕੀ ਸਬੂਤਾਂ ਦੇ ਨਾਲ-ਨਾਲ ਬਾਰੀਕੀ ਨਾਲ ਕੀਤੀ ਗਈ ਜਾਂਚ ਸਦਕਾ ਦੋਵਾਂ ਅਪਰਾਧਾਂ ਨੂੰ ਅੰਜਾਮ ਦੇਣ ਵਾਲੇ ਬੀਕੇਆਈ ਮਾਡਿਊਲ ਦੇ ਚਾਰ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਗਿਆ।

ਸੀਪੀ ਨੇ ਦੱਸਿਆ ਕਿ ਪੁਲੀਸ ਟੀਮਾਂ ਨੇ ਮੁਲਜ਼ਮਾਂ ਵੱਲੋਂ ਦੋਵਾਂ ਅਪਰਾਧਾਂ ਵਿੱਚ ਵਰਤਿਆ ਗਿਆ ਲਾਲ ਰੰਗ ਦਾ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਅਨਿਲ ਉਰਫ ਹਨੀ ਅਤੇ ਰਵਿੰਦਰ ਉਰਫ ਰਵੀ ਦੋਵੇਂ ਵਾਰਦਾਤਾਂ ਨੂੰ ਅੰਜਾਮ ਦੇਣ ਵਿੱਚ ਸ਼ਾਮਲ ਪਾਏ ਗਏ, ਜਦੋਂਕਿ ਗ੍ਰਿਫਤਾਰ ਮੁਲਜ਼ਮ ਜਸਵਿੰਦਰ ਉਰਫ ਬਿੰਦਰ ਹੈਬੋਵਾਲ ਚ ਹੋਈ ਘਟਨਾ ਵਿੱਚ ਉਹਨਾਂ ਦੇ ਨਾਲ ਸੀ। ਸੀਪੀ ਨੇ ਕਿਹਾ ਕਿ ਉਹਨਾਂ ਨੇ ਮਾਡਲ ਟਾਊਨ ਐਕਸਟੈਂਸ਼ਨ ਦੇ ਹੋਏ ਪੈਟਰੋਲ ਬੰਬ ਸੁੱਟਣ ਵਿੱਚ ਸ਼ਾਮਲ ਤੀਜੇ ਵਿਅਕਤੀ ਦੀ ਵੀ ਪਛਾਣ ਕਰ ਲਈ ਹੈ ਅਤੇ ਪੁਲਿਸ ਟੀਮਾਂ ਉਸਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।

ਜ਼ਿਕਰਯੋਗ ਹੈ ਕਿ ਇਸ ਸਬੰਧੀ ਦੋ ਵੱਖ-ਵੱਖ ਮੁਕੱਦਮੇ ਦਰਜ ਕੀਤੇ ਗਏ ਹਨ, ਜਿਹਨਾਂ ਵਿੱਚ ਥਾਣਾ ਹੈਬੋਵਾਲ, ਲੁਧਿਆਣਾ ਵਿਖੇ ਐਫ.ਆਈ.ਆਰ. ਨੰਬਰ 147 ਮਿਤੀ 21-10-2024 ਅਧੀਨ ਧਾਰਾ 125, 285, 324 ਬੀ.ਐਨ.ਐਸ. ਅਤੇ ਬਾਅਦ ਵਿੱਚ ਧਾਰਾ 113(2) ਬੀ.ਐਨ.ਐਸ. ਜੋੜੀ ਗਈ ਹੈ। ਇਸੇ ਤਰ੍ਹਾਂ ਥਾਣਾ ਮਾਡਲ ਟਾਊਨ, ਲੁਧਿਆਣਾ ਵਿਖੇ ਐਫ.ਆਈ.ਆਰ ਨੰਬਰ 14 ਮਿਤੀ 02-11-20 2024 ਅਧੀਨ ਧਾਰਾ 125, 285, 324, 3(5) ਬੀਐਨਐਸ ਅਤੇ ਬਾਅਦ ਵਿੱਚ ਧਾਰਾ 113 (2) ਬੀਐਨਐਸ ਜੋੜੀ ਗਈ ਹੈ।

# ਕਾਨਪੁਰ ਵਿੱਚ ਛਠ ਪੂਜਾ ਦੀ ਸ਼ੁਰੂਆਤ ਬਹੁਤ ਧੂਮ-ਧਾਮ ਨਾਲ ਹੋਈ

ਕਾਨਪੁਰ (ਸੁਨੀਲ ਬਾਜਪਾਈ) ਲੋਕ ਆਸਥਾ ਦੇ ਮਹਾਨ ਤਿਉਹਾਰ ਛਠ ਪੂਜਾ ਦੀ ਸ਼ੁਰੂਆਤ ਮੰਗਲਵਾਰ ਤੋਂ ਸੁਨਿਹਾ ਅਰਾਜ ਛਤੀ ਮਾਈਆ...: ਦੇ ਗਾਇਨ ਨਾਲ ਹੋਈ। ਇਸ ਨੂੰ ਲੈ ਕੇ ਪੂਰਵਾਂਚਲ ਦੇ ਲੋਕਾਂ ਚ ਕਾਫੀ ਉਤਸ਼ਾਹ ਹੈ। ਅੱਜ ਸ਼ਰਧਾਲੂਆਂ ਨੇ ਬੜੇ ਹੀ ਉਤਸ਼ਾਹ ਨਾਲ ਸ਼ੁਰੂ ਹੋਏ ਛੱਠ ਪੂਜਾ ਦੇ ਤਿਉਹਾਰ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਨਦੀਆਂ, ਨਹਿਰਾਂ, ਛੱਪੜਾਂ, ਛੱਪੜਾਂ ਅਤੇ ਰਜਵਾਹਿਆਂ ਵਿੱਚ ਪਵਿੱਤਰ ਇਸ਼ਨਾਨ ਕਰਕੇ ਪੂਰੀ ਰੀਤੀ-ਰਿਵਾਜਾਂ ਨਾਲ ਛੱਠ ਪੂਜਾ ਕੀਤੀ। ਕਈ ਇਲਾਕਿਆਂ ਵਿੱਚ ਸਮੂਹਿਕ ਪੂਜਾ ਵੀ ਕੀਤੀ ਗਈ। ਚਾਰ ਦਿਨਾਂ ਤੱਕ ਚੱਲਣ ਵਾਲਾ ਇਹ ਛਠ ਮਹਾਂ ਤਿਉਹਾਰ 08 ਨਵੰਬਰ ਨੂੰ ਸਮਾਪਤ ਹੋਵੇਗਾ। ਅੱਜ ਪਹਿਲੇ ਦਿਨ ਇਸ ਦੀ ਸ਼ੁਰੂਆਤ ਦੀਨ ਨਹੇ-ਖਾ ਨਾਲ ਕੀਤੀ ਗਈ। ਜਦਕਿ ਦੂਜੇ ਦਿਨ ਭਾਵ ਅੱਜ ਬੁੱਧਵਾਰ ਨੂੰ ਖੰਡੇ ਦੀ ਭੇਟਾ ਚੜ੍ਹਾ ਕੇ ਸਮਾਪਤੀ ਹੋਵੇਗੀ, ਤੀਜੇ ਦਿਨ ਸ਼ਾਮ ਅਰਗਿਆ ਅਤੇ ਚੌਥੇ ਦਿਨ ਊਸ਼ਾ ਅਰਗਿਆ ਦੇ ਨਾਲ ਸਮਾਪਤੀ ਹੋਵੇਗੀ। ਜਿਵੇਂ ਕਿ ਇਹ ਸਭ ਜਾਣਿਆ ਜਾਂਦਾ ਹੈ ਕਿ ਛਠ ਮਹਾਂਪਰਵ ਸੂਰਜ ਦੀ ਪੂਜਾ ਦਾ ਸਭ ਤੋਂ ਵੱਡਾ ਤਿਉਹਾਰ ਹੈ।



ਇਸ ਤਿਉਹਾਰ ਵਿੱਚ ਛੱਠੀ ਮਾਈ ਦੇ ਨਾਲ-ਨਾਲ ਭਗਵਾਨ ਸੂਰਜ ਦੀ ਵੀ ਰੀਤੀ-ਰਿਵਾਜਾਂ ਨਾਲ ਪੂਜਾ ਕੀਤੀ ਜਾਂਦੀ ਹੈ। ਇਸ ਨੂੰ ਸਭ ਤੋਂ ਔਖੇ ਵਰਤਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਇਸ ਤਿਉਹਾਰ ਨੂੰ ਮੰਨਣ ਵਾਲੇ ਲੋਕ ਸਾਰਾ ਸਾਲ ਇਸ ਦੀ ਉਡੀਕ ਕਰਦੇ ਹਨ। ਇਹ ਇੱਕ ਧਾਰਮਿਕ ਮਾਨਤਾ ਹੈ ਕਿ ਛਠ ਦਾ ਵਰਤ ਬੱਚੇ ਦੀ ਇੱਛਾ, ਸੰਤਾਨ ਦੀ ਤੰਦਰੁਸਤੀ, ਖੁਸ਼ਹਾਲੀ, ਖੁਸ਼ਹਾਲੀ ਅਤੇ ਲੰਬੀ ਉਮਰ ਲਈ ਮਨਾਇਆ ਜਾਂਦਾ ਹੈ। ਤੁਹਾਨੂੰ ਇਹ ਵੀ ਦੱਸ ਦੇਈਏ ਕਿ ਛਠ ਪੂਜਾ ਪੂਰਵਾਂਚਲ ਦਾ ਮੁੱਖ ਤਿਉਹਾਰ ਹੈ। ਅੱਜ ਤੋਂ ਸ਼ੁਰੂ ਹੋ ਕੇ ਅਗਲੇ ਚਾਰ ਦਿਨ ਛੱਠ ਪੂਜਾ ਦਾ ਤਿਉਹਾਰ ਮਨਾਇਆ ਜਾਵੇਗਾ। ਪੂਰਵਾਂਚਲ ਦੇ ਬਹੁਤ ਸਾਰੇ ਲੋਕ ਵੀ ਸ਼ਹਿਰ ਵਿਚ ਰਹਿੰਦੇ ਹਨ, ਇਸ ਲਈ ਕਈ ਥਾਵਾਂ ਤੇ ਛਠ ਪੂਜਾ ਪੂਰੀ ਸ਼ਰਧਾ ਨਾਲ ਮਨਾਈ ਜਾਂਦੀ ਹੈ। ਛਠ ਦੇ ਤਿਉਹਾਰ ਦੀ ਸ਼ੁਰੂਆਤ ਇਸ਼ਨਾਨ ਅਤੇ ਖਾਣ-ਪੀਣ ਨਾਲ ਹੁੰਦੀ ਹੈ: ਬਹੁਤ ਕਠਿਨ ਮੰਨੇ ਜਾਣ ਵਾਲੇ ਇਸ ਵਰਤ ਨੂੰ ਸਖਤ ਨਿਯਮਾਂ ਦੀ ਪਾਲਣਾ ਕਰਕੇ 36 ਘੰਟੇ ਤੱਕ ਮਨਾਇਆ ਜਾਂਦਾ ਹੈ। ਛੱਠ ਪੂਜਾ ਵਰਤ ਰੱਖਣ ਵਾਲੇ ਲੋਕ 24 ਘੰਟਿਆਂ ਤੋਂ ਵੱਧ ਸਮੇਂ ਲਈ ਪਾਣੀ ਰਹਿਤ ਵਰਤ ਰੱਖਦੇ ਹਨ। ਇਸ ਤਿਉਹਾਰ ਦਾ ਮੁੱਖ ਵਰਤ ਸ਼ਸ਼ਠੀ ਤਿਥੀ ਨੂੰ ਮਨਾਇਆ ਜਾਂਦਾ ਹੈ, ਪਰ ਛਠ ਪੂਜਾ ਕਾਰਤਿਕ ਮਹੀਨੇ ਦੇ ਸ਼ੁਕਲ ਪੱਖ ਦੀ ਚਤੁਰਥੀ ਤੋਂ ਸ਼ੁਰੂ ਹੁੰਦੀ ਹੈ, ਜੋ ਸਵੇਰੇ ਸੂਰਜ ਚੜ੍ਹਨ ਵੇਲੇ ਅਰਘਿਆ ਦੇਣ ਤੋਂ ਬਾਅਦ ਸਪਤਮੀ ਤਿਥੀ ਨੂੰ ਸਮਾਪਤ ਹੁੰਦੀ ਹੈ। ਖਰਨਾ: ਇਸ ਤੋਂ ਬਾਅਦ 6 ਨਵੰਬਰ ਨੂੰ ਖਰਨਾ ਯਾਨੀ ਲੋਹੰਡਾ ਛਠ ਪੂਜਾ ਦਾ ਦੂਜਾ ਦਿਨ ਹੈ। ਇਸ ਸਾਲ ਇਸ ਦੀ ਕਟਾਈ ਕੀਤੀ ਜਾਣੀ ਹੈ। ਖਰਣ ਵਾਲੇ ਦਿਨ ਸ਼ਰਧਾਲੂ ਸਾਰਾ ਦਿਨ ਜਲ ਰਹਿਤ ਵਰਤ ਰੱਖਦੇ ਹਨ। ਫਿਰ ਸ਼ਾਮ ਨੂੰ, ਉਹ ਗੁੜ ਦੀ ਖੀਰ ਅਤੇ ਰੋਟੀ ਤਿਆਰ ਕਰਦੇ ਹਨ ਅਤੇ ਇਸ ਨੂੰ ਪ੍ਰਸਾਦ ਵਜੋਂ ਚੜ੍ਹਾਉਂਦੇ ਹਨ। ਇਸ ਦੇ ਨਾਲ ਫਲ ਵੀ ਚੜ੍ਹਾਏ ਜਾਂਦੇ ਹਨ ਅਤੇ ਫਿਰ ਖਾਧਾ ਜਾਂਦਾ ਹੈ।

ਸ਼ਾਮ ਦਾ ਅਰਗਿਆ: ਇਸ ਤੋਂ ਬਾਅਦ ਛਠ ਪੂਜਾ ਦੇ ਤੀਜੇ ਦਿਨ ਨੂੰ ਸ਼ਾਮ ਦਾ ਅਰਗਿਆ ਕਿਹਾ ਜਾਂਦਾ ਹੈ। ਇਸ ਦਿਨ ਛਠ ਤਿਉਹਾਰ ਦੀ ਮੁੱਖ ਪੂਜਾ ਕੀਤੀ ਜਾਂਦੀ ਹੈ। ਤੀਜੇ ਦਿਨ, ਸ਼ਰਧਾਲੂ ਅਤੇ ਉਸਦੇ ਪਰਿਵਾਰਕ ਮੈਂਬਰ ਘਾਟ ਤੇ ਆਉਂਦੇ ਹਨ ਅਤੇ ਡੁੱਬਦੇ ਸੂਰਜ ਨੂੰ ਅਰਘ ਦਿੰਦੇ ਹਨ। ਇਸ ਸਾਲ ਛਠ ਪੂਜਾ ਦਾ ਸ਼ਾਮ ਦਾ ਅਰਗਿਆ 07 ਨਵੰਬਰ ਨੂੰ ਚੜ੍ਹਾਇਆ ਜਾਵੇਗਾ। ਊਸ਼ਾ ਅਰਘਿਆ ਅਤੇ ਪਰਾਣ (ਸੂਰਜ ਨੂੰ ਭੇਟ): ਇਸੇ ਤਰ੍ਹਾਂ ਊਸ਼ਾ ਅਰਘਿਆ ਅਤੇ ਪਰਾਣ 8 ਨਵੰਬਰ ਨੂੰ ਹੈ। ਇਸ ਦਿਨ ਚੜ੍ਹਦੇ ਸੂਰਜ ਨੂੰ ਅਰਘਿਆ ਦਿੱਤੀ ਜਾਂਦੀ ਹੈ, ਜਿਸ ਤੋਂ ਬਾਅਦ ਸ਼ਰਧਾਲੂ ਆਪਣਾ ਵਰਤ ਤੋੜਦੇ ਹਨ ਅਤੇ ਫਿਰ ਪਰਾਣਾ ਕਰਦੇ ਹਨ। ਇਸ ਤੋਂ ਬਾਅਦ ਛੱਠ ਪੂਜਾ ਦਾ ਪ੍ਰਸ਼ਾਦ ਵੰਡਿਆ ਜਾਂਦਾ ਹੈ ਅਤੇ ਲੋਕ ਸੂਰਜ ਦੇਵਤਾ ਦਾ ਆਸ਼ੀਰਵਾਦ ਲੈ ਕੇ ਉਨ੍ਹਾਂ ਨੂੰ ਮੱਥਾ ਟੇਕਦੇ ਹਨ।

ਛਠ ਪੂਜਾ ਦੀ ਮਹਿਮਾ: ਜਿੱਥੋਂ ਤੱਕ ਛਠ ਪੂਜਾ ਦੀ ਮਹਿਮਾ ਅਤੇ ਇਸ ਦੇ ਮਹੱਤਵ ਦਾ ਸਬੰਧ ਹੈ। ਇਸ ਸਮੇਂ ਦੌਰਾਨ ਸੂਰਜਦੇਵ ਅਤੇ ਛੱਠੀ ਮਈਆ ਦੀ ਪੂਜਾ ਕੀਤੀ ਜਾਂਦੀ ਹੈ। ਇਸ ਪੂਜਾ ਵਿੱਚ ਸ਼ਰਧਾਲੂ ਗੰਗਾ ਨਦੀ ਵਰਗੇ ਪਵਿੱਤਰ ਜਲ ਵਿੱਚ ਇਸ਼ਨਾਨ ਕਰਦੇ ਹਨ। ਔਰਤਾਂ ਨਿਰਜਲਾ ਵਰਤ ਰੱਖਦੀਆਂ ਹਨ ਅਤੇ ਸੂਰਜ ਦੇਵਤਾ ਅਤੇ ਛਠੀ ਮਾਤਾ ਲਈ ਪ੍ਰਸ਼ਾਦ ਤਿਆਰ ਕਰਦੀਆਂ ਹਨ। ਦੂਜੇ ਅਤੇ ਤੀਜੇ ਦਿਨ ਨੂੰ ਖਰਨਾ ਅਤੇ ਛਠ ਪੂਜਾ ਕਿਹਾ ਜਾਂਦਾ ਹੈ। ਔਰਤਾਂ ਇਨ੍ਹਾਂ ਦਿਨਾਂ ਵਿਚ ਸਖ਼ਤ ਨਿਰਜਲਾ ਵਰਤ ਰੱਖਦੀਆਂ ਹਨ। ਨਾਲ ਹੀ, ਚੌਥੇ ਦਿਨ, ਔਰਤਾਂ ਪਾਣੀ ਵਿੱਚ ਖੜ੍ਹੀਆਂ ਹਨ ਅਤੇ ਚੜ੍ਹਦੇ ਸੂਰਜ ਨੂੰ ਅਰਘ ਦਿੰਦੀਆਂ ਹਨ ਅਤੇ ਫਿਰ ਵਰਤ ਤੋੜਦੀਆਂ ਹਨ, ਜਿਸ ਨਾਲ ਛਠ ਤਿਉਹਾਰ ਦੀ ਸਮਾਪਤੀ ਹੁੰਦੀ ਹੈ।

# ਸਾਰੇ ਪੋਲਿੰਗ ਬੂਥਾਂ ਤੇ 9, 10, 23 ਅਤੇ 24 ਨਵੰਬਰ ਨੂੰ ਵਿਸ਼ੇਸ਼ ਕੈਂਪ ਲਗਾਏ ਜਾਣਗੇ




ਲੁਧਿਆਣਾ, (ਸੁਖਚੈਨ ਮਹਿਰਾ) ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 9, 10, 23 ਅਤੇ 24 ਨਵੰਬਰ ਨੂੰ ਸਾਰੇ ਪੋਲਿੰਗ ਬੂਥਾਂ ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ, ਤਾਂ ਜੋ ਵੋਟਰਾਂ ਦੀ ਯੋਗਤਾ ਮਿਤੀ 1 ਜਨਵਰੀ, 2025 ਨਾਲ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੁਧਾਈ ਲਈ ਦਾਅਵੇ ਅਤੇ ਇਤਰਾਜ਼ ਜਮ੍ਹਾਂ ਕਰਾਉਣ ਵਿੱਚ ਮਦਦ ਕੀਤੀ ਜਾ ਸਕੇ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯੋਗ ਵੋਟਰ ਰਹਿ ਨਾ ਜਾਵੇ। ਇਹ ਵਿਅਕਤੀਆਂ ਨੂੰ ਵੋਟਰ ਸ਼ਨਾਖਤੀ ਕਾਰਡਾਂ ਲਈ ਨਾਮ ਦਰਜ ਕਰਵਾਉਣ, ਨਿੱਜੀ ਵੇਰਵਿਆਂ ਵਿੱਚ ਸੁਧਾਰ ਕਰਨ ਅਤੇ ਵੋਟਰ ਸੂਚੀ ਵਿੱਚੋਂ ਨਾਮ ਜੋੜਨ ਜਾਂ ਮਿਟਾਉਣ ਵਿੱਚ ਵੀ ਮਦਦ ਕਰੇਗਾ। ਇਨ੍ਹਾਂ ਕੈਂਪਾਂ ਦੌਰਾਨ ਸਾਰੇ ਬੂਥ ਲੈਵਲ ਅਫ਼ਸਰ ਪੋਲਿੰਗ ਬੂਥਾਂ ਤੇ ਮੌਜੂਦ ਰਹਿਣਗੇ।

ਸ੍ਰੀ ਜਤਿੰਦਰ ਜੋਰਵਾਲ ਨੇ ਕਿਹਾ ਕਿ ਵੋਟਰ ਵਜੋਂ ਰਜਿਸਟਰਡ ਹੋਣ, ਵੋਟਰ ਸੂਚੀ ਵਿੱਚੋਂ ਆਪਣਾ ਨਾਮ ਮਿਟਾਉਣ ਜਾਂ ਆਪਣਾ ਪਤਾ ਬਦਲਣ ਲਈ ਸਬੰਧਤ ਵਿਅਕਤੀ ਸਬੰਧਤ ਪੋਲਿੰਗ ਸਟੇਸ਼ਨ ਤੇ ਬੂਥ ਲੈਵਲ ਅਫਸਰ (ਬੀ.ਐਲ.ਓ) ਨਾਲ ਸੰਪਰਕ ਕਰਨ ਅਤੇ ਇਹਨਾਂ ਨਿਰਧਾਰਤ ਮਿਤੀਆਂ ਤੇ ਲੋੜੀਂਦੇ ਫਾਰਮ ਜਮ੍ਹਾਂ ਕਰਵਾਉਣ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰ ਬਣਨ ਲਈ ਇਨ੍ਹਾਂ ਕੈਂਪਾਂ ਦਾ ਭਰਪੂਰ ਲਾਭ ਉਠਾਉਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਕੈਂਪ ਦੇਸ਼ ਵਿੱਚ ਲੋਕਤੰਤਰੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਇਹਨਾਂ ਕੈਂਪਾਂ ਲਈ ਨਿਯੁਕਤ ਕੀਤਾ ਗਿਆ ਸਟਾਫ਼ ਵਿਅਕਤੀਆਂ ਨੂੰ ਉਹਨਾਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਸਹਾਇਤਾ ਕਰੇਗਾ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਉਹਨਾਂ ਦੀ ਭਾਗੀਦਾਰੀ ਦੀ ਸਹੂਲਤ ਦੇਵੇਗਾ।

# ਪਰਾਲੀ ਨੂੰ ਸਾੜੇ ਜਾਣ ਤੋਂ ਰੋਕਣ ਲਈ ਪਿੰਡਾਂ ਚ ਡਟੇ ਪ੍ਰਸ਼ਾਸਨਿਕ ਅਧਿਕਾਰੀ, ਲਗਾਤਾਰ ਪਿੰਡ-ਪਿੰਡ ਜਾ ਕੇ ਕਰ ਰਹੇ ਨੇ ਲੋਕਾਂ ਅਤੇ ਕਿਸਾਨਾਂ ਨੂੰ ਜਾਗਰੂਕ

ਅਹਿਮਦਗੜ੍ਹ /ਮਾਲੇਰਕੋਟਲਾ (ਲੋਕ ਬਾਣੀ),(ਕਿੰਮੀ ਅਰੋੜਾ,ਅਸਲਮ ਨਾਜ਼,) ਪਰਾਲੀ ਨੂੰ ਸਾੜਨ ਦੇ ਮਾਮਲਿਆਂ ਦੀ ਰੋਕਥਾਮ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਵਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਜਿੱਥੇ ਕਿਸਾਨਾਂ ਨੂੰ ਪਰਾਲੀ ਸਾੜਨ ਕਾਰਨ ਜ਼ਮੀਨ ਦੀ ਸਿਹਤ ਨੂੰ ਹੋਣ ਵਾਲੇ ਨੁਕਸਾਨਾਂ ਬਾਰੇ ਦਸਿਆ ਜਾ ਰਿਹਾ ਹੈ, ਉੱਥੇ ਹੀ ਪਰਾਲੀ ਦੇ ਨਿਪਟਾਰੇ ਲਈ ਸਬਸਿਡੀ ਉੱਪਰ ਦਿੱਤੀ ਗਈ ਮਸ਼ੀਨਰੀ ਦੀ ਸੁਚੱਜੀ ਵਰਤੋਂ ਬਾਰੇ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਕੁਦਰਤੀ ਸਰੋਤ ਹਵਾ,ਧਰਤੀ,ਪਾਣੀ ਆਦਿ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਕੀਤਾ ਜਾ ਸਕੇ।



ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਅਤੇ ਐਸ. ਡੀ.ਐਮ. ਹਰਬੰਸ ਸਿੰਘ ਵਲੋਂ ਸਬ ਡਵੀਜਨ ਅਹਿਮਦਗੜ੍ਹ ਦੇ ਪਿੰਡ ਸ਼ੇਰਗੜ੍ਹ,ਝਨੇਰ,ਫਰਵਾਲੀ,ਬਾਪਲਾ,ਮਿੱਠੇਵਾਲ,ਦ ਸੌਂਦਾ ਸਿੰਘ ਵਾਲਾ,ਕਸਬਾ ਭਰਾਲ,ਜਲਵਾਣਾ,ਕਲਿਆਣ ,ਫੌਜੇਵਾਲ ਆਦਿ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਦੇ ਖੇਤਾਂ ਵਿਚ ਹੀ ਨਿਪਟਾਰੇ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡੀ.ਐਸ.ਪੀ.ਕੁਲਦੀਪ ਸਿੰਘ ਵੀ ਮੌਜੂਦ ਸਨ । ਪਿੰਡ ਦਸੌਂਦਾ ਸਿੰਘ ਵਾਲਾ ਵਿਖੇ ਖੇਤ ਵਿੱਚ ਜਾਕੇ ਮੌਕੇ'ਤੇ ਝੋਨੇ ਦੀ ਰਹਿੰਦ-ਖੂਹੰਦ ਨੂੰ ਲੱਗੀ ਅੱਗ ਬੁਝਵਾਈ ਅਤੇ ਕਿਸਾਨ ਨੂੰ ਫਸ਼ਲੀ ਰਹਿੰਦ-ਖੂਹੰਦ ਨੂੰ ਖੇਤ ਵਿੱਚ ਹੀ ਵਾਹ ਕੇ ਅਗਲੀ ਫਸ਼ਲ ਲਈ ਖੇਤ ਤਿਆਰ ਕਰਨ ਲਈ ਪ੍ਰੇਰਿਤ ਕੀਤਾ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਖੇਤੀਬਾੜੀ ਵਿਭਾਗ ਤੇ ਸਹਿਕਾਰੀ ਸਭਾਵਾਂ ਵੱਲੋਂ ਲਗਾਤਾਰ ਜਾਗਰੂਕਤਾ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਪ੍ਰਤੀ ਸੁਚੇਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਾਤਾਵਰਣ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਇਨ ਸੀਟੂ ਅਤੇ ਐਕਸ ਸੀਟੂ ਤਕਨੀਕਾਂ ਦੀ ਵਰਤੋਂ ਕਰਕੇ ਪਰਾਲੀ ਦਾ ਨਿਪਟਾਰਾ ਕਰਨ ਤਾਂ ਜੋ ਅਸੀਂ ਆਪਣੀਆਂ ਆਉਣ ਵਾਲੀਆਂ ਪੀੜੀਆਂ ਨੂੰ ਸਾਫ਼ ਸੁਥਰਾ ਵਾਤਾਵਰਣ ਦੇ ਸਕੀਏ।

ਰੋਜ਼ਾਨਾ ਲੋਕ ਬਾਣੀ
www.lokbani

# ਸਬਜ਼ੀਆਂ ਅਤੇ ਫੁੱਲਾਂ ਦੇ ਬੀਜਾਂ ਦੇ ਖੇਤਰ ਵਿੱਚ ਵਧਾਇਆ ਕਦਮ

ਮੁਹਾਲੀ: (ਲੋਕ ਬਾਣੀ) ਕਿਸਾਨਾਂ ਨੂੰ ਸਬਜ਼ੀਆਂ ਅਤੇ ਫੁੱਲਾਂ ਦੇ ਵਧੀਆ ਗੁਣਵੱਤਾ ਵਾਲੇ ਬੀਜ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਐਗਰੋਨੋਮਿਕ ਹੱਲ ਕੰਪਨੀ ਕ੍ਰਿਸਟਲ ਕ੍ਰੌਪ ਪ੍ਰੋਟੈਕਸ਼ਨ ਨੇ ਫੁੱਲਾਂ ਅਤੇ ਸਬਜ਼ੀਆਂ ਦੇ ਬੀਜਾਂ ਦੀ ਮਾਰਕੀਟ ਕੰਪਨੀ ਆਈ ਐਂਡ ਬੀ ਸੀਡਜ਼ ਨੂੰ ਖਰੀਦਣ ਦਾ ਐਲਾਨ ਕੀਤਾ ਹੈ।




ਇਸ ਪਨਾਲ ਬੀਜ ਤਕਨਾਲੋਜੀ ਵਿੱਚ ਨਵੀਨਤਾ ਨੂੰ ਵੀ ਹੁਲਾਰਾ ਮਿਲੇਗਾ, ਜਿਸ ਨਾਲ ਵਾਤਾਵਰਣ ਅਨੁਕੂਲ ਪ੍ਰਕਿਰਿਆਵਾਂ ਨੂੰ ਅੱਗੇ ਵਧਾਉਣ ਅਤੇ ਫਸਲੀ ਵਿਭਿੰਨਤਾ ਨੂੰ ਵਧਾਉਣ ਦੇ ਨਾਲ-ਨਾਲ ਵਿਆਪਕ ਖੇਤੀਬਾੜੀ ਖੇਤਰ ਨੂੰ ਲਾਭ ਹੋਵੇਗਾ। ਨਤੀਜੇ ਵਜੋਂ, ਕਿਸਾਨਾਂ ਕੋਲ ਖੇਤੀ ਦੇ ਵਧੇਰੇ ਵਿਕਲਪ ਹੋਣਗੇ, ਜੋ ਖੇਤੀਬਾੜੀ ਖੇਤਰ ਵਿੱਚ ਖੁਰਾਕ ਸੁਰੱਖਿਆ ਅਤੇ ਆਰਥਿਕ ਸਥਿਰਤਾ ਵਿੱਚ ਸੁਧਾਰ ਕਰਨ ਵਿੱਚ ਯੋਗਦਾਨ ਪਾਉਣਗੇ।

ਕ੍ਰਿਸਟਲ ਕ੍ਰਾਪ ਪ੍ਰੋਟੈਕਸ਼ਨ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਅੰਕੁਰ ਅਗਰਵਾਲ ਨੇ ਕਿਹਾ, ਸਾਡਾ ਧਿਆਨ ਕਿਸਾਨਾਂ ਨੂੰ ਨਵੀਨਤਾਕਾਰੀ ਹੱਲ ਪ੍ਰਦਾਨ ਕਰਕੇ ਸ਼ਕਤੀਸ਼ਾਲੀ ਬਣਾਉਣਾ ਹੈ ਜੋ ਪੈਦਾਵਾਰ ਅਤੇ ਮੁਨਾਫਾ ਵਧਾਉਂਦੇ ਹਨ ਅਤੇ ਇਹ ਯਕੀਨੀ ਬਣਾਉਂਦੇ ਹਨ ਕਿ ਉਨ੍ਹਾਂ ਦੀ ਖੇਤੀ ਲਈ ਲੋੜੀਂਦੇ ਵਧੀਆ ਸਰੋਤਾਂ ਤੱਕ ਪਹੁੰਚ ਹੋਵੇ। ਫੁੱਲਾਂ ਅਤੇ ਸਬਜ਼ੀਆਂ ਦੇ ਬੀਜ ਬਾਜ਼ਾਰ ਵਿੱਚ ਆਈ ਐਂਡ ਬੀ ਦੀ ਮੁਹਾਰਤ ਅਤੇ ਖੇਤ ਦੀਆਂ ਫਸਲਾਂ ਦੇ ਮਾਮਲੇ ਵਿੱਚ ਸਾਡੇ ਮਜ਼ਬੂਤ ਪੋਰਟਫੋਲੀਓ ਦੀ ਮਦਦ ਨਾਲ, ਅਸੀਂ ਕਿਸਾਨ ਭਾਈਚਾਰੇ ਦੀ ਬਿਹਤਰ ਸਹਾਇਤਾ ਕਰਨ ਅਤੇ ਭਾਰਤ ਵਿੱਚ ਵਾਤਾਵਰਣ-ਅਨੁਕੂਲ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਤ ਕਰਨ ਵਿੱਚ ਯੋਗਦਾਨ ਪਾਉਣ ਦੇ ਯੋਗ ਹੋਵਾਂਗੇ।

ਕ੍ਰਿਸਟਲ ਦੇ ਮੌਜੂਦਾ ਬੀਜ ਪੋਰਟਫੋਲੀਓ ਵਿੱਚ ਕਪਾਹ, ਮੱਕੀ, ਬਾਜਰਾ, ਸਰ੍ਹੋਂ, ਚਾਰਾ, ਕਣਕ, ਬਰਸੀਮ ਅਤੇ ਜਵਾਰ ਵਰਗੀਆਂ ਖੇਤ ਫਸਲਾਂ ਵਿੱਚ ਕਿਸਾਨਾਂ ਦੇ ਪਸੰਦੀਦਾ ਬ੍ਰਾਂਡ ਜਿਵੇਂ ਕਿ ਪ੍ਰੋਐਗਰੋ, ਸਦਾਨੰਦ, ਸਰਪਾ ਅਤੇ ਡੇਅਰੀ ਗ੍ਰੀਨ ਸ਼ਾਮਲ ਹਨ। ਇੰਡਸ ਅਤੇ ਐਸਪੀਐਸ ਬ੍ਰਾਂਡਾਂ ਦੇ ਸ਼ਾਮਲ ਹੋਣ ਨਾਲ ਆਈ ਐਂਡ ਬੀ ਸੀਡਜ਼ ਦੇ ਸਬਜ਼ੀਆਂ ਅਤੇ ਫੁੱਲਾਂ ਦੇ ਹਿੱਸੇ ਦੀ ਪ੍ਰਾਪਤੀ ਕ੍ਰਿਸਟਲ ਦੇ ਉਤਪਾਦਾਂ ਦੀ ਪੇਸ਼ਕਸ਼ ਨੂੰ ਵਧਾਏਗੀ ਅਤੇ ਕੰਪਨੀ ਨੂੰ ਵਧੇਰੇ ਕਿਸਾਨਾਂ ਤੱਕ ਪਹੁੰਚਣ ਦੇ ਯੋਗ ਬਣਾਏਗੀ।

# 68ਵੀਆਂ ਅੰਤਰ ਜਿਲ੍ਹਾ ਸਕੂਲ ਖੇਡਾਂ ਨੈੱਟਬਾਲ (ਲੜਕੇ/ਲੜਕੀਆਂ) 2024-25 ਜੋ ਅੱਜ ਮਿਤੀ 05/11/24 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁ) ਜੋਗਾ ਵਿਖੇ ਸ਼ੁਰੂ




ਜੋਗਾ (ਲੋਕ ਬਾਣੀ)-68ਵੀਆਂ ਅੰਤਰ ਜਿਲ੍ਹਾ ਸਕੂਲ ਖੇਡਾਂ ਨੈੱਟਬਾਲ (ਲੜਕੇ/ਲੜਕੀਆਂ) 2024-25 ਜੋ ਅੱਜ ਮਿਤੀ 05/11/24 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁ) ਜੋਗਾ ਵਿਖੇ ਸ਼ੁਰੂ ਹੋਈਆਂ . ਇਹਨਾਂ ਦਾ ਰਸਮੀ ਉਦਘਾਟਨ ਮਾਨਯੋਗ ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਜੀ ਨੇ ਆਪਣੇ ਕਰ ਕਮਲਾ ਨਾਲ ਕੀਤਾ. ਉਹਨਾਂ ਨੇ ਖਿਡਾਰੀਆਂ ਦੇ ਰੂ ਬ ਰੂ ਹੁਦਿਆਂ ਖੇਡ ਭਾਵਨਾ ਨਾਲ ਖੇਡਣ ਲਈ ਪ੍ਰਰਿਆ. ਇਸ ਤੋਂ ਇਲਾਵਾ ਸ੍ਰੀ ਸੁਨੀਲ ਕੁਮਾਰ ਡਿਪਟੀ ਡਾਇਰੈਕਟਰ (ਫਿਜ਼ੀਕਲ ਐਜੂ:) ਚੰਡੀਗੜ੍ਹ ਵਿਸ਼ੇਸ ਤੌਰ ਤੇ ਸਾਮਿਲ ਹੋਏ. ਆਏ ਹੋਏ ਮਹਿਮਾਨਾਂ ਦਾ ਸੁਆਗਤ ਕਾਮਰੇਡ ਗੁਰਮੀਤ ਸਿੰਘ (ਪ੍ਰਧਾਨ ਨਗਰ ਕੋਸ਼ਲ ) ਜ਼ੋਗਾ ਜੀ ਵੱਲੋਂ ਕੀਤਾ ਗਿਆ ਅਤੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ. ਇਸ ਸਮੇਂ ਸ੍ਰੀ ਮਤੀ ਭੁਪਿੰਦਰ ਕੌਰ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਮਾਨਸਾ ਨੇ ਖਿਡਾਰੀਆਂ ਦੀ ਹੌਂਸਲਾ ਅਫ਼ਜਾਈ ਕੀਤੀ ਅਤੇ ਖੇਡ ਭਾਵਨਾ ਨਾਲ ਖੇਡ ਦੀ ਪ੍ਰੇਰਣਾ ਦਿੱਤੀ ਗਈ.ਡਾ. ਪਰਮਜੀਤ ਸਿੰਘ ਭੋਗਲ ਉਪ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਨੇ ਬਾਹਰੋ ਆਏ ਆਫ਼ੀਸ਼ੀਅਲ , ਟੀਮ ਇੰਚਾਰਜ ਅਤੇ ਖਿਡਾਰੀਆਂ ਦਾ ਧੰਨਵਾਦ ਕੀਤਾ.ਸ. ਅਵਤਾਰ ਸਿੰਘ ਪ੍ਰਿੰਸੀਪਲ ਸਸਸਸ (ਕੁ) ਜੋਗਾ ਨੇ ਸਕੂਲ ਵਿੱਚ ਬਣੇ ਗਰਾਂਉਡ ਵਿੱਚ ਖਿਡਾਰੀਆਂ ਨਾਲ ਮੁਖ ਮਹਿਮਾਨ ਜੀ ਦਾ ਰੂ ਬਰੂ ਕਰਵਾਇਆ .ਇਸ ਸਮੇਂ ਸਿੱਖਿਆ ਵਿਭਾਗ ਵੱਲੋਂ ਚਲਾਏ ਜਾ ਰਹੇ ਬਿਜਨਸ ਬਲਾਸਟਰ ਦੀਆਂ ਸਟਾਲਾਂ ਵੀ ਲਗਾਈਆ ਗਈਆਂ .ਇਸ ਸਮੇਂ ਸ੍ਰੀ ਅਮਿੰਤਪਾਲ ਸਿੰਘ ਕੋਆਰਡੀਨੇਟਰ ਸਪੋਰਟਸ ਮਾਨਸਾ ਜੀ ਨੇ ਵਿਸ਼ਵਾਸ ਦਿਵਾਇਆ ਕਿ ਇਸ ਟੂਰਨਾਮੈਂਟ ਵਿੱਚ ਕਿਸੇ ਕਿਸਮ ਦੀ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ. ਇਸ ਸਮੇਂ ਸ. ਅਮਰਜੀਤ ਸਿੰਘ ਨੈਸ਼ਨਲ ਅਵਾਰਡੀ,ਸ. ਕੁਲਦੀਪ ਸਿੰਘ ਪ੍ਰਿੰਸੀਪਲ ਸਸਸਸ ਫਫੜੇ ਭਾਈਕੇ, ਲੈਕਚਰਾਰ ਵਿਨੈ ਕੁਮਾਰ,ਸ੍ਰੀ ਸੁਨੀਲ ਕੁਮਾਰ ,ਸ੍ਰੀ ਕੁਲਦੀਪ ਸਿੰਘ ਐਨ.ਆਰ. ਆਈ. , ਸ. ਸਮਰਜੀਤ ਸਿੰਘ ਡੀ.ਐਮ. ਸਪੋਰਟਸ ਬਰਨਾਲਾ,ਸ੍ਰੀ ਵਿਨੋਦ ਕੁਮਾਰ ਪੀ.ਟੀ. ਆਈ., ਰਛਪਾਲ ਸਿੰਘ ਡੀ.ਪੀ.ਈ ਅਬਜਰਬਰ ਲੁਧਿਆਣਾ,ਪ੍ਰੇਮ ਸਿੰਘ ਡੀ.ਪੀ.ਈ. ਤਰਨਤਾਰਨ, ਮਨਜੀਤ ਸਿੰਘ ਬਰਨਾਲਾ, ਸੁਖਵੀਰ ਸਿੰਘ ਸੰਗਰੂਰ, ਜਗਮੀਤ ਸਿੰਘ ਫਰੀਦਕੋਟ, ਗੁਰਲਾਲ ਸਿੰਘ ਬਰਨਾਲਾ,ਪਾਲਾ ਸਿੰਘ ਭੀਖੀ,ਸਰਬਜੀਤ ਕੌਰ ਲੈਕਚਰਾਰ, ਜ਼ਸਵਿੰਦਰ ਕੌਰ ਲੈਕਚਰਾਰ, ਰਾਹੁਲ ਮੋਦਗਿਲ, ਰਾਜਵੀਰ ਮੋਦਗਿਲ,ਜ਼ਗਸੀਰ ਸਿੰਘ, ਰਾਜਨਦੀਪ ਸਿੰਘ, ਦਰਸ਼ਨ ਸਿੰਘ, ਰਾਜਦੀਪ ਸਿੰਘ ਆਦਿ ਹਾਜਰ ਸੀ.

# ਡੀ.ਏ.ਵੀ. ਪਬਲਿਕ ਸਕੂਲ ਮਾਨਸਾ ਵਿੱਚ ਕਰਵਾਈ ਸੋਲੋ ਗਾਇਨ ਪ੍ਰਤੀਯੋਗਿਤਾ




ਮਾਨਸਾ (ਮਨੋਜ) ਸਥਾਨਕ ਐਸ.ਡੀ.ਕੇ.ਐਲ.ਡੀ.ਏ. ਵੀ. ਪਬਲਿਕ ਸਕੂਲ ਮਾਨਸਾ ਵਿੱਚ ਸੋਲੋ ਗਾਇਨ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਛੇਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਗਾਇਨ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਆਪਣੀ ਵਿਲੱਖਣ ਸੰਗੀਤ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਜਿਸ ਵਿੱਚ ਉਨ੍ਹਾਂ ਨੇ ਸਾਲ 90 ਦੇ ਗਾਣਿਆਂ ਨੂੰ ਗਾਕੇ ਸਾਰਿਆਂ ਦਾ ਮਨ ਮੋਹ ਲਿਆ। ਇਸ ਤਰ੍ਹਾਂ ਦੇ ਗਾਣਿਆਂ ਨੂੰ ਲੈਣ ਦਾ ਉਦੇਸ਼ ਇਹ ਸੀ ਕਿ ਪੁਰਾਣੇ ਗਾਣਿਆਂ ਵਿੱਚ ਸੰਗੀਤ ਦੇ ਨਾਲ-ਨਾਲ ਸ਼ਬਦਾਂ ਦਾ ਵੀ ਬਹੁਤ ਮਹੱਤਵ ਹੁੰਦਾ ਸੀ ਜਿਸਦੇ ਚੱਲਦਿਆਂ ਗਾਣੇ ਸੁਣਨ ਵਿੱਚ ਸੋਹਣੇ ਤਾਂ ਲੱਗਦੇ ਹੀ ਸੀ ਨਾਲ ਹੀ ਅਰਥ ਭਰਪੂਰ ਵੀ ਹੁੰਦੇ ਹਨ। ਇਸ ਗਾਇਨ ਪ੍ਰਤਿਯੋਗਤਾ ਵਿੱਚ ਜੱਜ ਦੀ ਭੂਮਿਕਾ ਪ੍ਰਿੰਸੀਪਲ ਸ਼੍ਰੀ ਵਿਨੋਦ ਰਾਣਾ ਨੇ ਨਿਭਾਈ। ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਨੂੰ ਨਾ ਕੇਵਲ ਸੰਗੀਤ ਦੀ ਸਮਝ ਵਿਕਸਿਤ ਕਰਨ ਵਿੱਚ ਮਦਦ ਕਰਦੇ ਹਨ ਬਲਕਿ ਉਨ੍ਹਾਂ ਦੀ ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ਼ ਨੂੰ ਵੀ ਵਧਾਉਂਦੇ ਹਨ। ਪ੍ਰਿੰਸੀਪਲ ਸ਼੍ਰੀ ਵਿਨੋਦ ਰਾਣਾ ਜੀ ਵੱਲੋਂ ਸਾਰੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਭਵਿੱਖ ਵਿੱਚ ਇਸੇ ਤਰ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਕਿਸਾਨਾਂ ਨੇ ਇੰਸਪੈਕਟਰਾਂ ਦਾ ਘਿਰਾਓ ਕਰਕੇ ਧਰਨਾ ਲਗਾਇਆ





ਧੂਰੀ (ਲੋਕ ਬਾਣੀ) ਅਨਾਜ ਮੰਡੀ ਲੱਡਾ ਵਿਖੇ ਪਨਸਪ ਦੇ ਇੰਸਪੈਕਟਰਾਂ ਵੱਲੋਂ ਝੋਨੇ ਦੀ ਸਰਕਾਰੀ ਨਿਰਾਧਤ ਨਮੀ ਮਾਤਰਾ ਤੋਂ ਵੱਧ ਝੋਨੇ ਦੀ ਬੋਲੀ ਨਾ ਲਗਾਉਣ ਕਾਰਨ ਰੋਸ਼ ਵਿੱਚ ਆਏ ਕਿਸਾਨਾਂ ਵੱਲੋਂ ਇੰਸਪੈਕਟਰਾਂ ਦਾ ਘਿਰਾਓ ਕਰਕੇ ਧਰਨਾ ਲਗਾਇਆ ਗਿਆ ਅਤੇ ਕਿਸਾਨਾਂ ਵੱਲੋਂ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ , ਇਸ ਮੌਕੇ ਹਰਪਾਲ ਸਿੰਘ ਪੇਧਨੀ ਕਲਾਂ ਬਲਾਕ ਪ੍ਰਧਾਨ ਭਾਰਤੀ ਕਿਸਾਨ ਉਗਰਾਹਾਂ ਅਤੇ ਨਾਜਰ ਸਿੰਘ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਅਜ਼ਾਦ ਨੇ ਕਿਹਾ ਕਿ ਸਰਕਾਰ ਵੱਲੋਂ ਜਾਣ ਬੁੱਝ ਕੇ ਕਿਸਾਨਾਂ ਨੂੰ ਤੰਗ ਪਰੇਸਾਨ ਕੀਤਾ ਜਾ ਰਿਹਾ ਹੈ , ਕਿਸਾਨਾਂ ਦੀ ਝੋਨੇ ਦੀ ਫ਼ਸਲ ਦੀ ਬੋਲੀ ਇਹ ਕਹਿ ਕੇ ਨਹੀਂ ਲਗਾਈ ਜਾਂਦੀ ਕਿ ਝੋਨੇ ਦੀ ਨਮੀ ਸਰਕਾਰੀ ਨਿਰਾਧਤ ਨਮੀ ਤੋਂ ਵੱਧ ਹੈ , ਉਨ੍ਹਾਂ ਕਿਹਾ ਕਿ ਬਦਲਦੇ ਮੋਸਮ ਦੇ ਅਨੁਸਾਰ ਝੋਨੇ ਦੀ ਨਮੀ ਵੱਧ ਆ ਰਹੀ ਹੈ , ਉਨ੍ਹਾਂ ਕਿਹਾ ਕਿ ਕਿਸਾਨਾਂ ਦਾ ਝੋਨਾ ਮੰਡੀਆਂ ਵਿੱਚ ਰੁਲ ਰਿਹਾ ਹੈ । ਇਸ ਸਬੰਧੀ ਇੰਦਰਜੀਤ ਸਿੰਘ ਇੰਸਪੈਕਟਰ ਪਨਗਰੇਨ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਸਰਕਾਰੀ ਨਿਰਾਧਤ ਨਮੀ ਅਨੁਸਾਰ ਖ੍ਰੀਦ ਕੀਤੀ ਜਾ ਰਹੀ ਹੈ ।

# ਪੁਲਿਸ ਪੈਨਸ਼ਨਰਜ ਜਿਲਾ ਮਾਨਸਾ ਨੇ ਮਾਹਵਾਰੀ ਮੀਟਿੰਗ ਕਰਕੇ ਹੱਕੀ ਮੰਗਾਂ ਤੁਰੰਤ ਮੰਨਣ ਲਈ ਸਰਕਾਰ ਪਾਸੋਂ ਕੀਤੀ ਮੰਗ



ਮਾਨਸਾ (ਮਨੋਜ) ਮਿਤੀ 04-11-2024 ਨੂੰ ਪੁਲਿਸ ਪੈਨਸ਼ਨਰਜ ਦਫਤਰ ਵਿਖੇ ਜਿਲਾ ਇਕਾਈ ਮਾਨਸਾ ਦੀ ਮਹੀਨਾਵਾਰ ਮੀਟਿੰਗ ਹੋਈ। ਮੀਟਿੰਗ ਵਿੱਚ 100 ਦੇ ਕਰੀਬ ਪੈਨਸ਼ਨਰਜ ਹਾਜ਼ਰ ਆਏ। ਸਟੇਜ ਸੈਕਟਰੀ ਦੀ ਡਿਊਟੀ ਸ਼੍ਰੀ ਅਮਰਜੀਤ ਸਿੰਘ ਭਾਈਰੂਪਾ ਜਨਰਲ ਸਕੱਤਰ ਨੇ ਬਾਖੂਬੀ ਨਿਭਾਈ।

ਮੀਟਿੰਗ ਦੀ ਪ੍ਰਧਾਨਗੀ ਸਾਬਕਾ ਇੰਸ: ਗੁਰਚਰਨ ਸਿੰਘ ਮੰਦਰਾਂ ਪ੍ਰਧਾਨ ਪੁਲਿਸ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਮਾਨਸਾ ਵੱਲੋਂ ਕੀਤੀ ਗਈ। ਜਿਹਨਾਂ ਵੱਲੋਂ ਸੁੱਖ-ਸਾਂਤੀ ਨਾਲ ਲੰਘੇ ਸਾਡੇ ਮਾਣਮੱਤੇ ਤਿਉਹਾਰ ਦਿਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀ ਮੁਬਾਰਕਬਾਦ ਦਿੱਤੀ ਗਈ ਅਤੇ ਪੈਨਸ਼ਨਰਾਂ ਲਈ ਚਾਹ ਪਾਰਟੀ ਦਾ ਪ੍ਰਬੰਧ ਕੀਤਾ ਗਿਆ।

ਸਭਾ ਵਿੱਚ ਨਵੇਂ ਆਏ 8 ਪੈਨਸ਼ਨਰਜ ਸਾਬਕਾ ਇੰਸ ਜਸਵੀਰ ਸਿੰਘ, ਥਾਣੇ ਸਮਸ਼ੇਰ ਸਿੰਘ ਕੁਲਰੀਆਂ, ਥਾਣੇ ਬਲਜੀਤ ਸਿੰਘ ਜੁਟਾਣਾ ਖੁਰਦ, ਸ:ਥ:ਸੁਰਜੀਤ ਸਿੰਘ ਹਾਂਸਪੁਰ, ਸ:ਥ: ਪੂਰਨ ਸਿੰਘ ਫਫੜੇ ਭਾਈਕੇ, ਸਥ:ਭੀਮ ਸੈਨ ਭੀਖੀ, ਸਥ:ਅਮਰੀਕ ਸਿੰਘ, ਸ:ਥ: ਰਣਧੀਰ ਸਿੰਘ ਵਾਸੀ ਫਫੜੇ ਭਾਈਕੇ ਨੂੰ ਜੀ ਆਇਆ ਆਖਿਆ ਗਿਆ ਅਤੇ ਸਭਾ ਦੀ ਮੈਂਬਰਸ਼ਿਪ ਜਾਰੀ ਕੀਤੀ ਗਈ। ਇਸੇ ਤਰਾ ਸਾਬਕਾ ਸਥ: ਦਾਤਾ ਰਾਮ ਵਾਸੀ ਫੂਸ ਮੰਡੀ ਨੂੰ ਪਿੰਡ ਦਾ ਸਰਪੰਚ ਚੁਣੇ ਜਾਣ ਤੇ ਸਭਾ ਵੱਲੋਂ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਸੁਭ ਕਾਮਨਾਵਾਂ ਦਿੱਤੀਆ ਗਈਆ।

ਮੀਟਿੰਗ ਦੌਰਾਨ ਪ੍ਰਧਾਨ ਜੀ ਵੱਲੋਂ ਪੈਨਸ਼ਨਰਾਂ ਨੂੰ ਦੱਸਿਆ ਗਿਆ ਕਿ ਉਹ ਲਾਈਫ ਸਰਟੀਫਿਕੇਟ ਭਰ ਕੇ ਸਬੰਧਤ ਬੈਂਕ ਵਿੱਚ ਤੁਰੰਤ ਜਮਾਂ ਕਰਾਉਣ, ਜਿਹਨਾਂ ਨੂੰ ਪੈਂਨਸ਼ਨ ਆਏ ਦੋ ਸਾਲ ਹੋ ਚੁੱਕੇ ਹਨ, ਐਲ.ਟੀ.ਸੀ. ਫਾਰਮ ਭਰ ਕੇ ਬੈਂਕ ਵਿੱਚ ਜਮਾਂ ਕਰਾਉਣ ਅਤੇ ਜਿਹਨਾਂ ਪੈਨਸ਼ਨਰਾਂ ਦਾ ਟੈਕਸ ਕੱਟਿਆ ਜਾ ਰਿਹਾ ਹੈ, ਉਹ ਪੈਨਕਾਰਡ ਅਤੇ ਆਧਾਰ ਕਾਰਡ ਦਾ ਲਿੰਕ ਕਰਵਾ ਦੇਣ।

ਮੀਟਿੰਗ ਦੌਰਾਨ ਵਿਚਾਰ ਹੋਇਆ ਕਿ ਪੰਜਾਬ ਸਰਕਾਰ ਨੇ ਹੁਣ 4% ਦੇ ਹਿਸਾਬ ਨਾਲ 42% ਡੀ.ਏ. ਕੀਤਾ ਹੈ,ਜਦੋਂਕਿ ਕੇਂਦਰ ਸਰਕਾਰ ਅਤੇ ਗੁਆਂਢੀ ਸੂਬਿਆਂ ਵੱਲੋਂ 53% ਹੋ ਚੁੱਕਾ ਹੈ,ਜੋ ਪੰਜਾਬ ਸਰਕਾਰ ਦੇ ਕਰਮਚਾਰੀਆਂ/ਪੈਨਸ਼ਨਰਜ ਨਾਲ ਬੇਇੰਨਸਾਫੀ ਹੈ ਅਤੇ ਨਾ ਹੀ ਸਰਕਾਰ ਵੱਲੋਂ ਬਕਾਇਆ ਦਿੱਤਾ ਜਾ ਰਿਹਾ ਹੈ, ਜਦੋਂਕਿ ਮਾਨਯੋਗ ਅਦਾਲਤਾਂ ਵੱਲੋਂ ਵੀ ਮੁਲਾਜ਼ਮਾਂ ਦੇ ਹੱਕ ਵਿੱਚ ਫੈਸਲੇ ਆ ਚੁੱਕੇ ਹਨ, ਇਸ ਲਈ ਪੈਂਡਿੰਗ ਡੀ.ਏ.ਅਤੇ ਬਕਾਇਆ ਤੁਰੰਤ ਦੇਣ, ਪੇ-ਕਮਿਸ਼ਨ ਦੀ ਅਧੂਰੀ ਰਿਪੋਰਟ ਦੀ ਬਜਾਏ ਫੈਕਟਰ 2.59 ਅਨੁਸਾਰ ਪੈਂਨਸ਼ਨ ਤੁਰੰਤ ਰੀਵਾਇਜ ਕਰਕੇ ਲਾਗੂ ਕਰਨ, ਮੈਡੀਕਲ ਭੱਤੇ ਵਿੱਚ ਵਾਧਾ ਕਰਨ, ਪੈਨਸ਼ਨਰਾ ਨੂੰ 13ਵੀ. ਤਨਖਾਹ ਲਾਗੂ ਕਰਨ ਆਦਿ ਹੱਕੀ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਨ ਦੀ ਮੰਗ ਕੀਤੀ ਗਈ। ਇਸ ਤੋਂ ਇਲਾਵਾ ਰਾਮ ਸਿੰਘ ਅੱਕਾਂਵਾਲੀ ਸਕੱਤਰ, ਸੁਖਦੇਵ ਸਿੰਘ ਕੁੱਤੀਵਾਲ, ਗੁਰਜੰਟ ਸਿੰਘ ਫੱਤਾ ਮਾਲੋਕਾ, ਦਰਸ਼ਨ ਸਿੰਘ ਦਿਆਲਪੁਰਾ, ਗੁਰਲਾਲ ਸਿੰਘ ਬੁਢਲਾਡਾ, ਪ੍ਰੀਤਮ ਸਿੰਘ ਬੁਢਲਾਡਾ, ਸੁਰਜੀਤ ਰਾਜ ਮਾਨਸਾ, ਹਰਜਿੰਦਰ ਸਿੰਘ ਭੀਖੀ, ਸੁਰਜੀਤ ਰਾਜ, ਫਲੇਲ ਸਿੰਘ, ਦਰਸ਼ਨ ਕੁਮਾਰ ਗੇਹਲੇ ਆਦਿ ਬੁਲਾਰਿਆਂ ਵੱਲੋਂ ਪੈਨਸ਼ਨਰਜ ਦੇ ਵੈਲਫੇਅਰ ਨਾਲ ਸਬੰਧਤ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਗਏ।

# ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਅੱਜ ਬਲਾਕ ਝੁਨੀਰ ਦੀ ਝੰਡੀ ਰਹੀ



ਮਾਨਸਾ (ਮਨੋਜ)ਅੱਜ ਪ੍ਰੈੱਸ ਸਕੱਤਰ ਸੁਖਦੀਪ ਸਿੰਘ ਗਿੱਲ ਨੇ ਦੱਸਿਆ ਕਿ ਸ.ਰਣਜੀਤ ਸਿੰਘ ਬਲਾਕ ਖੇਡ ਅਫਸਰ ਝੁਨੀਰ ਦੀ ਦੇਖ-ਰੇਖ ਵਿੱਚ ਦਸ਼ਮੇਸ਼ ਕੁਸ਼ਤੀ ਅਖਾੜਾ ਰਮਦਿੱਤੇਵਾਲਾ ਵਿਖੇ ਜ਼ਿਲ੍ਹਾ ਸਿੱਖਿਆ ਅਫਸਰ ਸ਼੍ਰੀਮਤੀ ਭੁਪਿੰਦਰ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਮਦਨ ਲਾਲ ਕਟਾਰੀਆ ਜੀ ਦੀ ਅਗਵਾਈ ਅਧੀਨ ਸਿੱਖਿਆ ਵਿਭਾਗ ਦੁਆਰਾ ਕਰਵਾਈਆਂ ਜਾਣ ਵਾਲੀਆਂ ਅੰਡਰ 11 ਜ਼ਿਲ੍ਹਾ ਪੱਧਰੀ ਖੇਡਾਂ ਲਈ ਕੁਸ਼ਤੀ ਦੇ 25, 28, 30 ਤੇ 32 ਕਿੱਲੋ ਵਰਗਦੇ ਕੁਸ਼ਤੀ ਮੁਕਾਬਲੇ ਕਰਵਾਏ ਗਏ। ਜ਼ਿਲ੍ਹਾ ਕੁਸ਼ਤੀ ਮੁਕਾਬਲੇ ਦੇ ਕਨਵੀਨਰ ਰਾਮਨਾਥ ਸਿੰਘ ਧੀਰਾ ਨੇ ਦਸ਼ਮੇਸ਼ ਕੁਸ਼ਤੀ ਅਖਾੜਾ ਦੇ ਇੰਚਾਰਜ ਸ਼ਾਹਬਾਜ ਸਿੰਘ ਤੇ ਰੈਫਰੀ ਵੱਜੋਂ ਤਰਸੇਮ ਸਿੰਘ, ਹਰਪ੍ਰੀਤ ਸਿੰਘ ਚਾਂਦਨੀ ਦੀ ਸਹਾਇਤਾ ਨਾਲ ਕਰਵਾਏ। ਉਹਨਾਂ ਨੇ ਦੱਸਿਆ ਕਿ ਇਸ ਵਾਰ ਜ਼ਿਲ੍ਹਾ ਪੱਧਰੀ ਖੇਡਾਂ ਕਰਵਾਉਣ ਦੀ ਜਿੰਮੇਵਾਰੀ ਬਲਾਕ ਝੁਨੀਰ ਦੁਆਰਾ ਬਲਾਕ ਸਿੱਖਿਆ ਅਫ਼ਸਰ ਸ਼੍ਰੀ ਸੱਤਪਾਲ ਸਿੰਘ , ਸ਼੍ਰੀ ਅਮਨਦੀਪ ਸਿੰਘ ਔਲਖ ਅਤੇ ਸ਼੍ਰੀ ਲਖਵਿੰਦਰ ਸਿੰਘ ਜੀ ਦੀ ਦੇਖ-ਰੇਖ ਵਿੱਚ ਖੇਡਾਂ ਹੋ ਰਹੀਆਂ ਹਨ। ਬਾਕੀ ਖੇਡ ਮੁਕਾਬਲੇ ਐਨਲਾਈਟੈਂਡ ਫਿਜੀਕਲ ਕਾਲਜ ਝੁਨੀਰ ਵਿਖੇ ਕਰਵਾਏ ਜਾਣਗੇ। ਅੱਜ ਸਾਰੇ ਬਲਾਕਾਂ ਦੇ ਮੁਕਾਬਲੇ ਬਹੁਤ ਫਸਮੇ ਰਹੇ। ਅੱਜ ਦੇ ਨਤੀਜੇ ਇਸ ਪ੍ਰਕਾਰ ਹਨ: 25 ਕਿੱਲੋ ਵਿੱਚ ਅਰਸ਼ਦੀਪ ਸਿੰਘ ,ਝੁਨੀਰ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਏਕਮਦੀਪ ਸਿੰਘ, ਸਰਦੂਲਗੜ੍ਹ ਦੂਜੇ ਸਥਾਨ ਤੇ ਰਿਹਾ।28 ਕਿੱਲੋ ਵਰਗ ਵਿੱਚ ਜਗਤਾਰ ਸਿੰਘ, ਮਾਨਸਾ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਕਰਨਵੀਰ ਸਿੰਘ ਬੁਢਲਾਡਾ ਦੂਜੇ ਸਥਾਨ ਤੇ ਰਿਹਾ। 30 ਕਿੱਲੋ ਦੇ ਵਰਗ ਵਿੱਚ ਜੌਹਨ ਸਿੰਘ ,ਝੁਨੀਰ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਜਸ਼ਨ, ਸਰਦੂਲਗੜ੍ਹ ਦੂਜੇ ਸਥਾਨ ਤੇ ਰਿਹਾ। 32 ਕਿੱਲੋ ਵਰਗ ਵਿੱਚ ਰਣਵੀਰ ਸਿੰਘ, ਸਰਦੂਲਗੜ੍ਹ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਗੁਰਨੂਰ ਸਿੰਘ, ਮਾਨਸਾ ਦੂਜੇ ਸਥਾਨ ਤੇ ਰਿਹਾ। ਸਾਰੇ ਪੁਜੀਸ਼ਨਾਂ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਸ਼੍ਰੀਮਤੀ ਕੁਲਦੀਪ ਕੌਰ ਸੀ. ਐੱਚ.ਟੀ. ਸ.ਪ.ਸ. ਮੂਸਾ ਨੇ ਮੈਡਲ ਪਾ ਕੇ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਖਿਡਾਰੀਆਂ ਲਈ ਰਿਫਰੈਸ਼ਮੈਂਟ ਬਲਤੇਜ ਸਿੰਘ ਲੈ ਕੇ ਆਏ। ਚਾਹ ਤੇ ਬਿਸਕੁਟ ਸ.ਪ.ਸ. ਰਮਦਿੱਤੇਵਾਲਾ ਸਕੂਲ ਵੱਲੋਂ ਅਧਿਆਪਕ ਇਕਬਾਲ ਸਿੰਘ ਤੇ ਜਗਦੀਪ ਸਿੰਘ ਲੈਕੇ ਆਏ ਤੇ ਸੇਵਾ ਭਾਵਨਾ ਨਾਲ ਵਰਤਾਈ। ਇਸ ਮੌਕੇ ਤੇ ਟੀਮਾਂ ਨਾਲ ਆਏ ਕੋਚ ਸਾਹਿਬਾਨ ਹਾਜ਼ਰ ਸਨ।

# ਸਿੱਖਿਆ ਵਿਭਾਗ ਵਿੱਚ ਬਹਾਲੀ ਨੂੰ ਲੈ ਕੇ ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ ਵੱਲੋਂ ਪੰਜਾਬ ਭਰ ਚ,ਦਿੱਤਾ ਮੰਗ ਪੱਤਰ - ਵਿਕਾਸ ਸਾਹਨੀ



ਮਾਨਸਾ (ਮਨੋਜ)- ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ ਪੰਜਾਬ ਜੋ ਕਿ ਕਾਫੀ ਲੰਬੇ ਸਮੇ ਤੋ ਸਿੱਖਿਆ ਵਿਭਾਗ ਵਿੱਚ ਬਹਾਲੀ ਨੂੰ ਲੈ ਕੇ ਸੰਘਰਸ਼ ਕਰ ਰਹੀ ਹੈ।ਜ਼ਿਕਰਯੋਗ ਹੈ ਕਿ ਸੱਤਾ ਵਿੱਚ ਆਉਣ ਤੋ ਪਹਿਲਾਂ ਮੁੱਖ ਮੰਤਰੀ ਪੰਜਾਬ ਦੁਆਰਾ ਸਾਡੀ ਜਥੇਵੰਦੀ ਨਾਲ ਬਿਨਾ ਕਿਸੇ ਸ਼ਰਤ ਸਿੱਖਿਆ ਵਿਭਾਗ ਵਿੱਚ ਬਹਾਲ ਕਰਨ ਦਾ ਵਾਅਦਾ ਕੀਤਾ ਗਿਆ ਸੀ।ਪਰ ਲੰਬਾ ਸਮਾ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋ ਸਿਰਫ ਲਾਰੇ ਹੀ ਦਿੱਤੇ ਗਏ।ਸਾਡੀ ਜਥੇਵੰਦੀ ਵੱਲੋ ਸੂਬਾ ਪੱਧਰ ਤੇ ਵਿਧਾਨ ਸਭਾ ਹਲਕਿਆਂ ਦੇ ਐਮ ਐਲ ਏ ਨੂੰ ਬਹਾਲੀ ਲਈ ਪੈਂਡਿੰਗ ਪਈ ਕਾਰਵਾਈ ਨੂੰ ਜਲਦ ਪੂਰ ਕਰਨ ਸਬੰਧੀ ਮੰਗ ਪੱਤਰ ਦਿੱਤੇ ਗਏ ਅਤੇ ਪੰਜਾਬ ਸਰਕਾਰ ਨੂੰ ਦਸਿਆ ਗਿਆ ਕੀ ਜੇਕਰ ਸਾਡੀਆਂ ਹੱਕੀ ਮੰਗਾ ਦਾ ਜਲਦ ਕੋਈ ਪੁਖਤਾ ਹੱਲ ਨਾ ਕੀਤਾ ਜਾਂਦਾ ਤਾਂ ਮਜਬੂਰਨ ਸਾਡੀ ਜਥੇਵਦੀ ਵੱਲੋ ਪੰਜਾਬ ਦੀ ਆਪ ਸਰਕਾਰ ਦਾ ਜਿਮਨੀ ਚੋਣਾਂ ਦੌਰਾਨ ਰੋਸ ਪ੍ਰਦਰਸ਼ਨ ਕਰਕੇ ਭੰਡੀ ਪ੍ਰਚਾਰ ਕੀਤਾ ਜਾਵੇਗਾ ਵਰਨਣਯੋਗ ਹੈ ਕਿ ਪਿਛਲੇ ਕਈ ਸਾਲਾਂ ਤੋਂ ਰਾਜ ਦੇ ਸਰਕਾਰੀ ਸਕੂਲਾਂ ਚ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਈ ਜੀ ਐਸ/ਆਈ ਈ ਵੀ/ਏ ਆਈ ਈ/ਐਸ ਟੀ ਆਰ/ ਸਿੱਖਿਆ ਪ੍ਰੋਵਾਇਡਰਾਂ ਵੱਲੋ ਆਪਣੀ ਜਿੰਦਗੀ ਦੇ ਅਣਮੁੱਲੇ ਜਵਾਨੀ ਭਰੇ ਵਰ੍ਹੇ 10-15 ਸਾਲ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਅਧਿਆਪਕ ਦੇ ਤੌਰ ਤੇ ਨਿਭਾਏ ਤੇ ਹੁਣ ਪੰਜਾਬ ਸਰਕਾਰ ਨੇ ਉਹਨਾਂ ਦੇ ਰੋਜਗਾਰ ਤੇ ਵੀ ਕਬਜ਼ਾ ਕਰ ਲਿਆ ਹੈ ਤੇ ਉਹਨਾਂ ਨੂੰ ਬੇਰੁਜਗਾਰ ਕਰ ਦਿੱਤਾ ਹੈ । ਇਸ ਮੌਕੇ ਤੇ ਲਖਵਿੰਦਰ ਕੋਰ, ਕਿਰਨਾ ਕੋਰ, ਅਮਨਦੀਪ ਕੋਰ, ਵਰੁਨ ਖੇੜਾ, ਗੁਰਪ੍ਰੀਤ ਸਿੰਘ, ਜਸਵਿੰਦਰ ਕੋਰ, ਮਨਿੰਦਰ ਮਾਨਸਾ, ਗੁਰਸੇਵਕ ਮਾਨਸਾ, ਸੁਨੀਤਾ ਬੁਢਲਾਡਾ , ਵਜ਼ੀਰ ਰਾਮਪੁਰ ਮੰਡੇਰ , ਕਾਂਤਾ ਰਾਣੀ ਫਰਵਾਹੀ , ਵੀਰਪਾਲ ਕੋਰ, ਮਨਜੀਤ ਸਿੰਘ ਆਦਿ ਹਾਜ਼ਰ ਸਨ

# ਐਨ.ਕੇ.ਸ਼ਰਮਾ ਨੇ ਕਿਸਾਨਾਂ ਦੇ ਹੱਕ ਵਿਚ ਐਸ.ਡੀ.ਐਮ. ਦਫਤਰ ਅੱਗੇ ਦਿੱਤਾ ਧਰਨਾ

ਡੇਰਾਬੱਸੀ,(ਲੋਕ ਬਾਣੀ) ਮੰਡੀਆਂ ਵਿਚੋਂ ਝੋਨੇ ਦੀ ਲਿਫਟਿੰਗ ਨਾ ਹੋਣ ਕਰਕੇ ਅਤੇ ਝੋਨੇ ਦੀ ਫਸਲ ਤੇ ਨਜਾਇਜ਼ ਲਾਏ ਜਾ ਰਹੇ ਕੱਟਾਂ ਨੂੰ ਲੈ ਕੇ ਅੱਜ ਸ੍ਰੋਮਣੀ ਅਕਾਲੀ ਦਲ ਹਲਕਾ ਡੇਰਾਬੱਸੀ ਤੋਂ ਸਾਬਕਾ ਵਿਧਾਇਕ ਐਨ.ਕੇ.ਸ਼ਰਮਾ ਦੀ ਅਗਵਾਈ ਹੇਠ ਸਮੂਹ ਪਾਰਟੀ ਵਰਕਰਾਂ ਅਤੇ ਕਿਸਾਨਾਂ ਨੇ ਐਸ.ਡੀ.ਐਮ. ਦਫਤਰ ਡੇਰਾਬੱਸੀ ਅੱਗੇ ਧਰਨਾ ਦਿੱਤਾ। ਧਰਨੇ ਨੂੰ ਸੰਬੋਧਨ ਕਰਦਿਆਂ ਐਨ.ਕੇ.ਸ਼ਰਮਾ ਨੇ ਕਿਹਾ ਕਿ ਕਿਸਾਨ ਮੰਡੀਆਂ ਵਿਚ ਖੱਜਲ ਖੁਆਰ ਹੋ ਰਿਹਾ ਹੈ ਪਰ ਮੌਕੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਦੀ ਫਸਲ ਖਰੀਦਣ ਨੂੰ ਤਿਆਰ ਨਹੀਂ ਹੈ। ਪੰਜਾਬ ਸਰਕਾਰ ਖਰੀਦ ਪ੍ਰਬੰਧ ਕਰਨ ਵਿਚ ਬਿਲਕੁਲ ਫੇਲ੍ਹ ਸਾਬਤ ਹੋਈ ਹੈ ਲਿਫਟਿੰਗ ਦੇ ਕੰਮ ਵਿਚ ਦੇਰੀ ਹੋਣ ਕਾਰਨ ਕਿਸਾਨ ਕਈ ਕਈ ਦਿਨ ਮੰਡੀਆਂ ਵਿਚ ਰੁਲਣ ਲਈ ਮਜ਼ਬੂਰ ਹੈ। ਅੱਜ ਹਾਲਾਤ ਬਹੁਤ ਖਰਾਬ ਹਨ ਕਿਸਾਨਾਂ ਦੀ ਕੋਈ ਪੁੱਛ ਪਰਤੀਤ ਨਹੀਂ ਕਰ ਰਿਹਾ 300 ਤੋਂ ਲੈ ਕੇ 400 ਰੁਪਏ ਦੇ ਤੱਕ ਦੇ ਕੱਟ ਪ੍ਰਤੀ ਕੁਇੰਟਲ ਝੋਨੇ ਤੇ ਲਾਇਆ ਜਾ ਰਿਹਾ ਹੈ। ਹੁਣ ਅਗਲੀ ਫਸਲ ਬੀਜਣ ਦਾ ਸਮਾਂ ਆ ਗਿਆ ਹੈ ਪਰ ਹੁਣ ਕਿਸਾਨਾਂ ਨੂੰ ਡੀ.ਏ. ਪੀ. ਖਾਦ ਮੁਹੱਈਆ ਨਹੀਂ ਕਰਵਾਈ ਜਾ ਰਹੀ ਹੈ। ਕਿਸਾਨ ਖਾਦ ਲਈ ਸੁਸਾਇਟੀਆਂ ਦੇ ਚੱਕਰ ਕੱਟ ਕੱਟ ਕੇ ਖਜਲ ਖੁਆਰ ਹੋ ਰਿਹਾ ਹੈ।ਉਨ੍ਹਾਂ ਕਿਹਾ ਬਾਦਲ ਸਰਕਾਰ ਵੇਲੇ 15 ਤਾਰੀਕ ਤੱਕ ਮੰਡੀਆਂ ਵਿਚੋਂ ਮੁਕੰਮਲ ਝੋਨੇ ਦੀ ਚੁਕਾਈ ਹੋ ਜਾਂਦੀ ਸੀ ਅਤੇ ਪੈਸੇ ਦੀ ਅਦਾਇਗੀ ਨਾਲ ਦੀ ਨਾਲ ਹੋ ਜਾਂਦੀ ਸੀ ਅਤੇ ਕਿਸਾਨਾਂ ਨੂੰ ਕਦੇ ਵੀ ਡੀ.ਏ. ਪੀ. ਖਾਦ ਦੀ ਸਮੱਸਿਆ ਨਹੀਂ ਆਉਣ ਦਿੱਤੀ। ਇਸ ਮੌਕੇ ਉਹਨਾਂ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਐਸਡੀਐਮ ਨੂੰ ਮੰਗ ਪੱਤਰ ਵੀ ਸੌਂਪਿਆ।

ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਜੇਕਰ ਕਿਸੇ ਪਾਰਟੀ ਨੇ ਕਿਸਾਨਾਂ ਦੀ ਬਾਹ ਫੜੀ ਹੈ ਤਾਂ ਉਹ ਸ੍ਰੋਮਣੀ ਅਕਾਲੀ ਦਲ ਹੈ ਜਿਸਨੇ ਹਮੇਸ਼ਾਂ ਕਿਸਾਨਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਹੈ। ਕਿਸਾਨਾਂ ਦੇ ਭਲੇ ਲਈ ਪੰਜਾਬ ਅੰਦਰ ਜੇ 14 ਲੱਖ ਮੋਟਰਾਂ ਦੇ ਕਨੈਕਸ਼ਨ ਹੋਏ ਤਾਂ 13 ਲੱਖ ਕੁਨੈਕਸ਼ਨ ਸ: ਬਾਦਲ ਨੇ ਦਿੱਤੇ। ਜੇਕਰ ਜ਼ਮੀਨਾ ਅਕਵਾਇਰ ਹੋਈਆਂ ਤਾਂ 4 ਕਰੋੜ ਰੁਪਏ ਮੁਆਵਜ਼ਾ ਦਿਵਾਇਆ।ਪਰ ਅੱਜ ਸਥਿਤੀ ਇਸ ਦੇ ਬਿਲਕੁਲ ਉਲਟ ਹੈ ਪਿਛਲੇ ਸਾਢੇ 7 ਸਾਲਾਂ ਵਿਚ ਇਕ ਵੀ ਜਿ਼ਮੀਦਾਰ ਨੂੰ ਮੋਟਰ ਕੁਨੈਕਸ਼ਨ ਨਹੀਂ ਮਿਲਿਆ।ਉਨ੍ਹਾਂ ਕਿਹਾ ਡੇਰਾਬੱਸੀ ਹਲਕੇ ਨੂੰ ਕੰਢੀ ਏਰੀਆਂ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਵਿਚ ਬਣਾਇਆ ਗਿਆ ਜਿਸ ਕਰਕੇ ਕਿਸਾਨਾਂ ਨੂੰ 24 ਘੰਟੇ ਬਿਜਲੀ ਦੀ ਸਪਲਾਈ ਮੁਹੱਈਆ ਹੋ ਸਕੀ। ਫਸਲਾਂ ਅਤੇ ਖੇਤੀਬਾੜੀ ਮਸ਼ੀਨਰੀਆਂ ਤੇ ਸਬਸਿਡੀ ਵੀ ਸਰਦਾਰ ਬਾਦਲ ਦੀ ਦੂਰਅੰਦੇਸ਼ੀ ਸੋਚ ਹੈ।

ਉਨ੍ਹਾਂ ਕਿਹਾ ਕਿ ਦੇਸ਼ ਦੀ ਆਰਥਿਕਤਾ ਬਹੁਤ ਹੱਦ ਤੱਕ ਖੇਤੀ ਤੇ ਨਿਰਭਰ ਹੈ ਪਰ ਅੱਜ ਸੂਬਾ ਸਰਕਾਰ ਦੀ ਨਾਲਾਇਕੀ ਕਾਰਨ ਕਿਸਾਨੀ ਖਤਮ ਹੋਣ ਕੰਢੇ ਹੈ ਜਿਸ ਕਾਰਨ ਸੂਬੇ ਦੀ ਆਰਥਿਕਤਾ ਨੂੰ ਵੱਡੀ ਢਾਹ ਲੱਗੀ ਹੈ। ਉਨ੍ਹਾਂ ਕਿਹਾ ਲੋਕਾਂ ਨੇ ਬੜੇ ਚਾਵਾਂ ਨਾਲ ਇਹ ਸਰਕਾਰ ਬਣਾਈ ਸੀ ਪਰ ਅੱਜ ਇਸ ਸਰਕਾਰ ਦੀ ਮਾੜੀ ਕਾਰਗੁ਼ਜ਼ਾਰੀ ਕਰਕੇ ਲੋਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ।ਉਨ੍ਹਾਂ ਕਿਹਾ ਇਸ ਸਰਕਾਰ ਤੋਂ ਵਪਾਰੀ, ਮਜ਼ਦੂਰ ਅਤੇ ਕਰਮਚਾਰੀਆਂ ਸਮੇਤ ਹਰੇਕ ਤੰਗ ਪ੍ਰੇਸ਼ਾਨ ਹੈ।ਕਰਮਚਾਰੀਆਂ ਦਾ ਡੀ ਏ ਕੇਂਦਰ 53% ਦੇ ਰਹੀ ਅਤੇ ਸੂਬਾ ਸਰਕਾਰ 40% ਦੇ ਰਹੀ ਹੈ। ਲੋਕਾਂ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੜਕਾਂ ਤੇ ਧਰਨੇ ਪ੍ਰਦਰਸ਼ਨ ਕਰਨੇ ਪੈ ਰਹੇ ਹਨ ਪਰ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ। ਸਰਕਾਰ ਦੀ ਨਾਲਾਇਕੀ ਕਰਕੇ ਲਾਅ ਐਂਡ ਆਰਡਰ ਦੀ ਸਥਿਤੀ ਇੰਨੀ ਖਰਾਬ ਹੋ ਚੁੱਕੀ ਹੈ ਕਿ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਆਮ ਹੋ ਰਹੀਆਂ ਅਤੇ ਦਿਨ ਦਿਹਾੜੇ ਲੋਕਾਂ ਦੇ ਕਤਲ ਹੋ ਰਹੇ ਹਨ।ਲੋਕ ਇਨਸਾਫ ਲਈ ਥਾਣਿਆ ਵਿਚ ਵੜਨ ਤੋਂ ਵੀ ਡਰਦੇ ਹਨ।



ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਸ੍ਰੋਮਣੀ ਅਕਾਲੀ ਦਲ ਸਰਕਾਰ ਦਾ ਕੋਈ ਵੀ ਧੱਕਾ ਬਰਦਾਸ਼ਤ ਨਹੀਂ ਕਰੇਗਾ। ਜੇਕਰ ਸਰਕਾਰ ਨੇ ਛੇਤੀ ਹੀ ਝੋਨੇ ਦੀ ਚੁਕਾਈ ਨਾ ਕਰਵਾਈ ਅਤੇ ਡੀ.ਏ.ਪੀ. ਖਾਦ ਮੁਹੱਈਆ ਨਾ ਕਰਵਾਈ ਤਾਂ ਵੱਡੇ ਪੱਧਰ ਤੇ ਸੰਘਰਸ਼ ਅਰੰਭਿਆ ਜਾਵੇਗਾ। ਇਸ ਮੌਕੇ ਕਿਸਾਨਾਂ ਨੇ ਆਮ ਆਦਮੀ ਪਾਰਟੀ ਦੇ ਖਿਲਾਫ ਜੰਮਕੇ ਨਾਅਰੇਬਾਜ਼ੀ ਵੀ ਕੀਤੀ।

# ਮਾਨਸਾ ਸ਼ਹਿਰ ਦਾ ਵਾਰਡ ਨੰਬਰ ਚਾਰ ਤਕਰੀਬਨ 10 ਸਾਲਾਂ ਤੋਂ ਵਿਕਾਸ ਵੱਲੋਂ ਅਧੂਰੇ ਆਪਣੀ ਮਾੜੀ ਕਿਸਮਤ ਨੂੰ ਕੋਸ ਰਿਹਾ

ਮਾਨਸਾ (ਮਨੋਜ) ਮਾਨਸਾ ਸ਼ਹਿਰ ਦੇ ਵਾਰਡ ਨੰਬਰ ਚਾਰ ਤਕਰੀਬਨ 10 ਸਾਲਾਂ ਤੋਂ ਵਿਕਾਸ ਵੱਲੋਂ ਅਧੂਰੇ ਆਪਣੀ ਮਾੜੀ ਕਿਸਮਤ ਨੂੰ ਕੋਸ ਰਿਹਾ ਹੈ ਵਾਰਡ ਨੰਬਰ ਚਾਰ ਵਿੱਚ ਜਿੱਥੇ ਸੀਵਰੇਜ ਦਾ ਪਾਣੀ ਵਾਟਰ ਵਰਕਸ ਵਿੱਚ ਮਿਕਸ ਹੋ ਕੇ ਟੂਟੀਆਂ ਰਾਹੀਂ ਲੋਕਾਂ ਦੇ ਘਰਾਂ ਵਿੱਚ ਜਾ ਰਿਹਾ ਹੈ ਉੱਥੇ ਹੀ ਵਾਰਡ ਨੰਬਰ ਚਾਰ ਤੇ ਹਰ ਇਕ ਗਲੀ ਮਹੱਲੇ ਵਿੱਚ ਸੀਵਰੇਜ ਦਾ ਗੰਦਾ ਪਾਣੀ ਆਮ ਦੇਖਿਆ ਜਾ ਰਿਹਾ ਹੈ ਵਿਕਾਸ ਵੱਲੋਂ ਵਾਰਡ ਨੰਬਰ ਚਾਰ ਦੀਆਂ ਸੜਕਾਂ ਦਾ ਬੁਰਾ ਹਾਲ ਹੈ ਵਾਰਡ ਨੰਬਰ ਚਾਰ ਤੇ ਰਹਿਣ ਵਾਲੇ ਮਨਿੰਦਰਜੀਤ ਸਿੰਘ ਭਾਟੀਆ ਨੇ ਦੱਸਿਆ ਕਿ ਵਾਰਡ ਨੰਬਰ ਚਾਰ ਦੇ ਮੌਜੂਦਾ ਐਮ ਸੀ ਵਾਲੀ ਗਲੀ, ਸੱਤੇ ਪ੍ਰੈੱਸ ਵਾਲੀ ਗਲੀ ਵਾਰਡ ਨੰਬਰ ਚਾਰ ਦੇ ਇੱਕ ਨੰਬਰ ਗਲੀ, ਗਲੀ ਨੰਬਰ ਚਾਰ, ਗਲੀ ਨੰਬਰ ਛੇ, ਮਾਸਟਰ ਦੀ ਚੱਕੀ ਗੁਰਦੁਆਰੇ ਸਾਹਿਬ ਵਾਲੀ ਗਲੀ, ਗੁਰਦੁਆਰਾ ਸਾਹਿਬ ਨਿਧਾਨ ਸਿੰਘ ਵਾਲੀ ਸੜਕ, ਰਾਮਨ ਸਿਨੇਮੇ ਤੋਂ ਲੈ ਕੇ ਨਹਿਰੂ ਮੈਮੋਰੀਅਲ ਕਾਲਜ ਦੀ ਵੈਕ ਸੈਡ ਵਾਲੀ ਸੜਕ ਲਈ ਮੁਹੱਲਾ ਨਿਵਾਸੀਆਂ ਨਾਲ ਜਾ ਕੇ ਡਿਪਟੀ ਕਮਿਸ਼ਨਰ ਮਾਨਸਾ ਅਤੇ ਨਾਗਰ ਕੌਂਸਲ ਮਾਨਸਾ ਨੂੰ ਕਈ ਵਾਰ ਜਾਣੂ ਕਰਵਾਇਆ ਚੁੱਕੇ ਹਨ ਉਚ ਅਧਿਕਾਰੀ ਦਾ ਕੋਈ ਵੀ ਧਿਆਨ ਵਾਰਡ ਨੰਬਰ ਚਾਰ ਵੱਲ  ਨਹੀਂ ਜਾ ਰਿਹਾ ਵਾਰਡ ਨੰਬਰ ਚਾਰ ਨੂੰ ਇੱਕ ਮਤਰੇਈ ਮਾਂ ਦਾ ਸੰਤਾਪ ਭੋਗਣਾ ਪੈ ਰਿਹਾ ਹੈ ਮਨਿੰਦਰਜੀਤ ਸਿੰਘ ਭਾਟੀਆ ਨੇ ਦੱਸਿਆ ਕਿ



ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਵੀ ਲਿਖ ਚੁੱਕੇ ਹਨ ਉਹਨਾਂ ਦੱਸਿਆ ਕਿ ਵਾਰਡ ਨੰਬਰ ਚਾਰ ਉਸ ਵਲਟੀਨੇਟਰ ਤੇ ਲੱਗੇ ਮਰੀਜ਼ ਵਾਂਗ ਹਾਲਤ ਹੈ ਜੋ ਕਿਸੇ ਵੇਲੇ ਵੀ ਦਮ ਤੋੜ ਸਕਦਾ ਹੈ ਬਿੰਦਰ ਪਾਲ ਕੌਰ ਗਗਨ ਕੌਰ ਨੇ ਦੱਸਿਆ ਹੈ ਕੇ ਵਾਰਡ ਨੰਬਰ ਚਾਰ ਵਿੱਚ ਲਾਈਟਾਂ ਦਾ ਬੁਰਾ ਹਾਲ ਹੈ ਅਮਰੀਕ ਸਿੰਘ ਦਾ ਕਹਿਣਾ ਹੈ ਵਾਰਡ ਨੰਬਰ ਚਾਰ ਦਾ ਬਹੁਤ ਬੁਰਾ ਹਾਲ ਹੈ ਮਨਿੰਦਰਜੀਤ ਸਿੰਘ ਭਾਟੀ ਦੇ ਦੱਸਣ ਮੁਤਾਬਕ  ਰਾਮਨ ਸਿਨੇਮੇ ਰੋਡ ਤੇ ਖੜੇ ਪਾਣੀ ਕਿਸੇ ਸਜਾ ਤੋਂ ਘੱਟ ਨਹੀਂ ਜੋ ਹਰ ਰੋਜ਼ ਸਕੂਲ ਜਾਣ ਵਾਲੇ ਬੱਚਿਆਂ ਨੂੰ ਭੋਗਣੀ ਪੈਂਦੀ ਹੈ ਸਵੇਰ ਵੇਲੇ ਗੁਰਦੁਆਰਾ ਸਾਹਿਬ ਮੱਥਾ ਟੇਕਣ ਲਈ ਮੱਹਲਾ ਨਿਵਾਸੀਆਂ ਨੂੰ ਬਹੁਤ ਦਿੱਕਤ ਆਉਂਦੀ ਹੈ ਇਸ ਮੌਕੇ ਮਹੱਲਾ ਨਿਵਾਸੀ ਕਰਮ ਸਿੰਘ ਬਲਦੇਵ ਸਿੰਘ ਜਸਵਿੰਦਰ ਸਿੰਘ ਅਵਤਾਰ ਸਿੰਘ, ਬੀਰਬਲ ਸਿੰਘ ਰਾਣੀ ਕੌਰ ਪਰਮਜੀਤ ਕੌਰ ਆਦਿ ਹਾਜ਼ਰ ਸਨ

# ਜ਼ਿਲ੍ਹੇ 'ਚ ਟਰੈਫਿਕ ਨਿਯਮਾਂ ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਆਰ.ਟੀ.ਓ.

ਮਾਲੇਰਕੋਟਲਾ (ਲੋਕ ਬਾਣੀ) : ਰੀਜਨਲ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਕਮ ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਵਿੱਚ ਕਿਸੇ ਨੂੰ ਵੀ ਟਰੈਫਿਕ ਨਿਯਮਾਂ ਦੀ ਉਲੰਘਣਾ ਨਹੀਂ ਕਰਨ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਟਰਾਂਸਪੋਰਟ ਵਿਭਾਗ ਵੱਲੋਂ ਖਾਸ ਕਰਕੇ ਵੱਡੇ ਵਾਹਨਾਂ ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ ਅਤੇ ਜੋ ਵਾਹਨ ਚਾਲਕ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਦੇ ਹਨ, ਉਨ੍ਹਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਈ-ਰਿਕਸ਼ਾ ਚਾਲਕ ਆਪਣੇ ਵਾਹਨਾਂ ਦੀ ਰਜਿਸਟੇਸ਼ਨ ਜ਼ੂਰ ਕਰਵਾਉਣ , ਹੁਣ ਜ਼ਿਲ੍ਹੇ ਵਿੱਚ ਈ ਰਿਕਸ਼ਾ ਦੀ ਰਜਿਸਟ੍ਰੇਸ਼ਨ ਜ਼ਰੂਰੀ ਕਰਾਰ ਕੀਤੀ ਗਈ ਹੈ, ਉਲੰਘਣਾ ਕਰਨ ਵਾਲੇ ਮਾਲਕਾਂ ਖਿਲਾਫ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।



ਉਨ੍ਹਾਂ ਦੱਸਿਆ ਕਿ ਇਸ ਸਬੰਧੀ ਈ. ਰਿਕਸ਼ਾ ਵਿਕ੍ਰੇਤਾਵਾਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕਿਆਂ ਹਨ ਤਾਂ ਕਿ ਉਹ ਵਾਹਨਾਂ ਦੇ ਕਾਗਜਾਤ ਪੂਰੇ ਕਰਕੇ ਅਤੇ ਵਾਹਨ ਨੰਬਰ ਲੱਗਾ ਕੇ ਹੀ ਵਾਹਨਾਂ ਦੀ ਡਲੀਵਰ ਕਰਨ ਨੂੰ ਯਕੀਨੀ ਬਣਾਉਣ।

ਉਨ੍ਹਾਂ ਕਿਹਾ ਕਿ ਸੁਰੱਖਿਅਤ ਆਵਾਜਾਈ ਪ੍ਰਦਾਨ ਕਰਵਾਉਣ ਅਤੇ ਆਵਾਜਾਈ ਨੇਮਾਂ ਦੀ ਪੂਰੀ ਪਾਲਣਾ ਕਰਵਾਉਣ ਲਈ ਜ਼ਿਲ੍ਹਾ ਪ੍ਰਸਾਸ਼ਨ ਪੂਰੀ ਤਰ੍ਹਾਂ ਵਚਨਬੱਧ ਤੇ ਪ੍ਰਤੀਬੱਧਤਾ ਨਾਲ ਡਿਊਟੀ ਨਿਭਾ ਰਿਹਾ ਹੈ। ਉਨ੍ਹਾਂ ਜ਼ਿਲ੍ਹੇ ਦੇ ਈ.ਰਿਕਸਾ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਟ੍ਰੈਫਿਕ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ, ਕਿਉਂਕਿ ਇਹ ਆਪਣੀ ਅਤੇ ਦੂਜਿਆਂ ਦੀ ਸੁਰੱਖਿਆ ਲਈ ਬਹੁਤ ਜ਼ਰੂਰੀ ਹੈ।

ਆਰ.ਟੀ.ਓ ਨੇ ਕਿਹਾ ਕਿ ਵਿਭਾਗ ਦੀਆਂ ਟੀਮਾਂ ਲਗਾਤਾਰ ਸੜਕਾਂ ਤੇ ਨਜ਼ਰ ਰੱਖ ਰਹੀਆਂ ਹਨ ਅਤੇ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਨੂੰ ਰੋਕਣ ਲਈ ਤਿਆਰ ਹਨ । ਉਨ੍ਹਾਂ ਜਨਤਾ ਨੂੰ ਸਹਿਯੋਗ ਦੀ ਅਪੀਲ ਕੀਤੀ ਤਾਂ ਜੋ ਜ਼ਿਲ੍ਹੇ ਵਿੱਚ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕੇ ਅਤੇ ਆਵਾਜਾਈ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ।

# ਖਾਦ ਡੀਲਰਾਂ ਦੀ ਉਡਣ ਦਸਤੇ ਵੱਲੋਂ ਅਚਨਚੇਤ ਚੈਕਿੰਗ, ਖਾਦ, ਬੀਜ ਤੇ ਕੀਟਨਾਸ਼ਕ ਦਵਾਈਆ ਦਾ ਸਟਾਕ ਅਤੇ ਰਿਕਾਰਡ ਕੀਤਾ ਚੈੱਕ

ਬਰਨਾਲਾ, (ਲੋਕ ਬਾਣੀ) ਸੰਯੁਕਤ ਡਾਇਰੈਕਟਰ ਖੇਤੀਬਾੜੀ (ਪੌਦ ਸਰੁੱਖਿਆ) ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੀ ਅਗਵਾਈ ਹੇਠ ਉਡਣ ਦਸਤੇ ਵੱਲੋਂ ਜ਼ਿਲ੍ਹਾ ਬਰਨਾਲਾ ਦੇ ਖਾਦ, ਬੀਜ ਅਤੇ ਕੀਟਨਾਸ਼ਕ ਦਵਾਈਆਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਦੁਕਾਨਾਂ ਵਿੱਚ ਪਿਆ ਖਾਦ, ਬੀਜ ਅਤੇ ਕੀਟਨਾਸ਼ਕ ਦਵਾਈਆ ਦਾ ਸਟਾਕ ਅਤੇ ਰਿਕਾਰਡ ਚੈਕ ਕੀਤਾ।

ਇਸ ਮੌਕੇ ਡਾ. ਨਰਿੰਦਰਪਾਲ ਸਿੰਘ ਬੈਨੀਪਾਲ ਸੰਯੁਕਤ ਡਾਇਰੈਕਟਰ ਖੇਤੀਬਾੜੀ (ਪੀ.ਪੀ) ਨੇ ਸਖਤ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਖਾਦਾਂ ਦੇ ਨਾਲ ਕਿਸੇ ਵੀ ਕਿਸਮ ਦੀ ਟੈਗਿੰਗ ਨਾ ਕੀਤੀ ਜਾਵੇ। ਇਸ ਤੋਂ ਇਲਾਵਾ ਸਮੂਹ ਡੀਲਰਾਂ ਨੂੰ ਸਖਤ ਹਦਾਇਤ ਕਰਦਿਆਂ ਕਿਹਾ ਕਿ ਖਾਦਾਂ ਦੇ ਸਟਾਕ ਅਤੇ ਰੇਟ ਨੂੰ ਦਰਸਾਉਂਦਾ ਸਟਾਕ ਬਰੋਡ ਲਗਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾ ਕਿਹਾ ਕਿ ਜ਼ਿਲ੍ਹਾ ਬਰਨਾਲਾ ਅੰਦਰ ਡੀ.ਏ.ਪੀ ਖਾਦ ਦੇ ਨਾਲ ਬਦਲਵੀਆਂ ਫਾਸਫੇਟਿਕ ਖਾਦਾਂ ਜਿਵੇਂ ਕਿ ਸਿੰਗਲ ਸੁਪਰ ਫਾਸਫੇਟ, 12:32:16 ਅਤੇ ਟ੍ਰਿਪਲ ਸੁਪਰ ਫਾਸਫੇਟ ਵੀ ਮੁਹਾਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਕਿਸਾਨਾਂ ਨੂੰ ਕਣਕ ਦੀ ਬਿਜਾਈ ਸਮੇਂ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਾ ਆਵੇ। ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਨੇ ਕਿਸਾਨਾਂ ਨੂੰ ਵੀ ਅਪੀਲ ਕਰਦੇ ਹੋਏ ਕਿਹਾ ਕਿ ਖਾਦ ਨਾਲ



ਕੋਈ ਵੀ ਵਸਤੂ ਟੈਗ ਕਰਨ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਉਸ ਦੀ ਸ਼ਿਕਾਇਤ ਮੁੱਖ ਖੇਤੀਬਾੜੀ ਅਫ਼ਸਰ ਜੀ ਦੇ ਦਫ਼ਤਰ ਕੀਤੀ ਜਾਵੇ ਤਾਂ ਜੋ ਐਕਟ ਅਨੁਸਾਰ ਬਣਦੀ ਸਖਤ ਕਾਰਵਾਈ ਕੀਤੀ ਜਾ ਸਕੇ।

ਇਸ ਮੌਕੇ ਡਾ. ਸੁਖਪਾਲ ਸਿੰਘ ਖੇਤੀਬਾੜੀ ਅਫ਼ਸਰ, ਬਰਨਾਲਾ, ਸ੍ਰੀ ਹਰਪ੍ਰੀਤ ਸਿੰਘ ਅਤੇ ਸ੍ਰੀ ਜਤਿੰਦਰ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ(ਪੀ.ਪੀ) ਹੈਡਕੁਆਟਰ ਮੋਹਾਲੀ, ਸ੍ਰੀ ਜਸਵਿੰਦਰ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ (ਜ.ਕ), ਬਰਨਾਲਾ, ਸ੍ਰੀ ਸਤਨਾਮ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ(ਇੰਨਫੋ),ਬਰਨਾਲਾ, ਸ੍ਰੀ ਸੁਨੀਲ ਕੁਮਾਰ ਖੇਤੀਬਾੜੀ ਉਪ ਨਿਰੀਖਕ ਵੀ ਹਾਜ਼ਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565